ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 12 ਮਈ 2025 (ਨਾਨਕਸ਼ਾਹੀ ਸੰਮਤ : ੫੫੭, ੩੦ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## 'ਆਪਰੇਸ਼ਨ ਅਜੇ ਵੀ ਜਾਰੀ ਹੈ', ਪਾਕਿਸਤਾਨ ਨਾਲ ਜੰਗਬੰਦੀ ਵਿਚਕਾਰ ਭਾਰਤੀ ਹਵਾਈ ਸੈਨਾ ਦਾ ਵੱਡਾ ਬਿਆਨ



**ਨਵੀਂ ਦਿੱਲੀ, 11 ਮਈ (ਆਵਾਜ਼ਿ ਕੌਮ ਬਿਊਰੋ)**-ਜੰਗਬੰਦੀ ਦੇ ਵਿਚਕਾਰ ਭਾਰਤੀ ਹਵਾਈ ਸੈਨਾ ਦਾ ਇੱਕ ਵੱਡਾ ਬਿਆਨ ਸਾਹਮਣੇ ਆਇਆ ਹੈ। ਭਾਰਤੀ ਹਵਾਈ ਸੈਨਾ ਦਾ ਕਹਿਣਾ ਹੈ ਕਿ ਆਪ੍ਰੇਸ਼ਨ ਅਜੇ ਵੀ ਜਾਰੀ ਹੈ। ਇਸ ਸੰਬੰਧੀ ਜਾਣਕਾਰੀ ਆਉਣ ਵਾਲੇ ਸਮੇਂ ਵਿੱਚ ਦਿੱਤੀ ਜਾਵੇਗੀ। ਹਵਾਈ ਸੈਨਾ ਨੇ ਇਹ ਜਾਣਕਾਰੀ ਆਪਣੇ ਸੋਸ਼ਲ ਮੀਡੀਆ ਹੈਂਡਲ 'ਐਕਸ' 'ਤੇ ਦਿੱਤੀ ਹੈ। ਐਕਸ 'ਤੇ ਆਪ੍ਰੇਸ਼ਨ ਜਾਰੀ ਰੱਖਣ ਬਾਰੇ ਜਾਣਕਾਰੀ ਦਿੰਦੇ ਹੋਏ ਭਾਰਤੀ ਹਵਾਈ ਸੈਨਾ ਨੇ ਲਿਖਿਆ, ਭਾਰਤੀ ਹਵਾਈ ਸੈਨਾ (916) ਨੇ ਆਪ੍ਰੇਸ਼ਨ ਸਿੰਦੂਰ ਵਿੱਚ ਆਪਣੇ ਨਿਰਧਾਰਤ ਕਾਰਜਾਂ ਨੂੰ ਸਟੀਕਤਾ ਅਤੇ ਪੇਸ਼ੇਵਰਤਾ ਨਾਲ ਸਫਲਤਾਪੂਰਵਕ ਨਿਭਾਇਆ ਹੈ। ਇਹ ਕਾਰਵਾਈਆਂ ਰਾਸ਼ਟਰੀ ਉਦੇਸ਼ਾਂ ਦੇ ਅਨੁਸਾਰ ਸੋਚ-ਸਮਝ ਕੇ ਅਤੇ ਸਮਝਦਾਰੀ ਨਾਲ ਕੀਤੀਆਂ ਗਈਆਂ ਕਿਉਂਕਿ ਆਪ੍ਰੇਸ਼ਨ ਅਜੇ ਵੀ ਜਾਰੀ ਹੈ , ਇਸ ਲਈ ਵਿਸਤ੍ਰਿਤ ਜਾਣਕਾਰੀ ਸਹੀ ਸਮੇਂ 'ਤੇ ਦਿੱਤੀ ਜਾਵੇਗੀ। ਭਾਰਤੀ ਹਵਾਈ ਸੈਨਾ ਸਾਰਿਆਂ ਨੂੰ ਅਟਕਲਾਂ ਅਤੇ ਗੈਰ-ਪ੍ਰਮਾਣਿਤ ਜਾਣਕਾਰੀ ਦੇ ਪ੍ਰਸਾਰ ਤੋਂ ਬਚਣ ਦੀ ਅਪੀਲ ਵੀ ਕਰਦੀ ਹੈ।

## ਪਾਕਿਸਤਾਨ ਨਾਲ 'ਜੰਗ' ਬੰਦ ਹੋਣ ਤੋਂ ਬਾਅਦ

# ਪਾਣੀ ਦੀ ਜੰਗ ਜਾਰੀ !

**ਚੰਡੀਗੜ੍ਹ, 11 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਤੇ ਹਰਿਆਣਾ ਦਾ ਪਾਣੀ ਨੂੰ ਲੈ ਕੇ ਚੱਲ ਰਿਹਾ ਵਿਵਾਦ ਆਏ ਦਿਨ ਹੋਰ ਡੂੰਘਾ ਹੁੰਦਾ ਜਾ ਰਿਹਾ ਹੈ। ਇਸ ਮੌਕੇ ਇੱਕ ਵਾਰ ਫਿਰ ਤੋਂ ਨੰਗਲ ਡੈਮ ਤੋਂ ਜ਼ਬਰਦਸਤੀ ਪਾਣੀ ਛੱਡਣ ਦੀ ਕੋਸ਼ਿਸ਼ ਕੀਤੀ ਗਈ ਜਿਸ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਕਿਸੇ ਨੂੰ ਵੀ ਸੂਬੇ ਦੀ ਲਾਅ ਐਂਡ ਆਰਡਰ ਦੀ ਸਥਿਤੀ ਭੰਗ ਕਰਨ ਨਹੀਂ ਦੇਵਾਂਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਅੱਜ ਫ਼ਿਰ ਕੇਂਦਰ ਦੀ ਬੀਜੇਪੀ ਸਰਕਾਰ ਦੇ ਇਸ਼ਾਰਿਆਂ 'ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਅਧਿਕਾਰੀਆਂ ਵੱਲੋਂ ਨੰਗਲ ਡੈਮ ਤੋਂ ਜ਼ਬਰਦਸਤੀ ਪਾਣੀ ਛੱਡਣ ਦੀ ਕੋਸ਼ਿਸ਼ ਕੀਤੀ ਗਈ। ਇੱਕ ਪਾਸੇ ਜਿੱਥੇ ਪੰਜਾਬ ਆਪਣੀਆਂ ਸਰਹੱਦਾਂ ਦੀ ਰਾਖੀ ਲਈ ਪਾਕਿਸਤਾਨ ਦੇ ਖ਼ਿਲਾਫ਼ ਡਟਿਆ ਹੋਇਆ ਹੈ, ਉੱਥੇ ਹੀ ਦੂਜੇ ਪਾਸੇ BBMB ਦੇ ਅਧਿਕਾਰੀਆਂ ਵੱਲੋਂ ਅਜਿਹੀਆਂ ਘਟੀਆ ਹਰਕਤਾਂ ਕਰਨਾ ਬੇਹੱਦ ਨਿੰਦਣਯੋਗ ਹੈ। ਬਿਨਾਂ ਕਿਸੇ ਆਰਡਰ ਦੇ ਅਜਿਹਾ ਅਸੀਂ ਬਿਲਕੁੱਲ ਬਰਦਾਸ਼ਤ ਨਹੀਂ ਕਰਾਂਗੇ। BBMB ਨੂੰ ਪੰਜਾਬ ਅਤੇ ਇਸ ਦੇ ਹਿੱਤਾਂ ਨੂੰ ਦਰਕਿਨਾਰ ਕਰਕੇ ਕਿਸੇ ਨੂੰ ਪਾਣੀ ਦੇਣ ਦਾ ਕੋਈ ਹੱਕ ਨਹੀਂ ਅਤੇ ਕਿਸੇ ਵੀ ਸੂਰਤ ਵਿੱਚ ਅਜਿਹਾ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇੱਕ ਪਾਸੇ ਜਿੱਥੇ ਪੰਜਾਬ





ਆਪਣੀਆਂ ਸਰਹੱਦਾਂ ਦੀ ਰਾਖੀ ਲਈ ਪਾਕਿਸਤਾਨ ਦੇ ਖ਼ਿਲਾਫ਼ ਡਟਿਆ ਹੋਇਆ ਹੈ, ਉੱਥੇ ਹੀ ਦੂਜੇ ਪਾਸੇ BBMB ਦੇ ਅਧਿਕਾਰੀਆਂ ਵੱਲੋਂ ਅਜਿਹੀਆਂ ਘਟੀਆ ਹਰਕਤਾਂ ਕਰ ਰਿਹਾ ਹੈ। ਮੁੱਖ ਮੰਤਰੀ ਮਾਨ ਨੇ ਕਿਹਾ ਕਿ ਪੰਜਾਬ ਦੇ ਪਾਣੀਆਂ 'ਤੇ ਹੱਕ ਪੰਜਾਬੀਆਂ ਦਾ ਸੀ, ਹੈ ਅਤੇ ਹਮੇਸ਼ਾ ਰਹੇਗਾ। ਅਸੀਂ ਕਿਸੇ ਨੂੰ ਵੀ ਸੂਬੇ ਦੀ ਲਾਅ ਐਂਡ ਆਰਡਰ ਦੀ ਸਥਿਤੀ ਭੰਗ ਕਰਨ ਨਹੀਂ ਦੇਵਾਂਗੇ। ਪਾਣੀ ਦੇ ਮਸਲੇ ਨੂੰ ਲੈ ਕੇ ਜੇਕਰ ਸੂਬੇ ਦੇ ਹਾਲਾਤ ਖਰਾਬ ਹੁੰਦੇ ਨੇ ਤਾਂ BBMB ਅਤੇ ਬੀਜੇਪੀ ਉਸ ਦੇ ਜ਼ਿੰਮੇਵਾਰ ਹੋਣਗੇ।

## ਪਾਕਿਸਤਾਨ ਨੇ ਕਸ਼ਮੀਰ ਮੁੱਦੇ 'ਤੇ ਟਰੰਪ ਦੇ ਪ੍ਰਸਤਾਵ ਦਾ ਕੀਤਾ ਸਵਾਗਤ



**ਨਵੀਂ ਦਿੱਲੀ, 11 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ ਅਤੇ ਪਾਕਿਸਤਾਨ ਵਿਚਾਲੇ ਤਣਾਅ ਦੇ ਕਈ ਮੁੱਦੇ ਹਨ। ਇਨ੍ਹਾਂ ਵਿਚੋਂ ਮੁੱਖ ਮੁੱਦਾ ਕਸ਼ਮੀਰ ਦਾ ਹੈ ਜੋ ਕਈ ਸਾਲਾਂ ਤੋਂ ਚੱਲਦਾ ਆ ਰਿਹਾ ਹੈ। ਹਾਲ ਹੀ ਵਿਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਭਾਰਤ ਅਤੇ ਪਾਕਿਸਤਾਨ ਵਿਚਾਲੇ ਚੱਲ ਰਹੇ ਕਸ਼ਮੀਰ ਮੁੱਦੇ ਨੂੰ ਹੱਲ ਕਰਨ ਲਈ ਵਿਚਲੋਗੀ ਦੀ ਪੇਸ਼ਕਸ਼ ਕੀਤੀ ਹੈ। ਇਸ ਪੇਸ਼ਕਸ਼ ਦਾ ਪਾਕਿਸਤਾਨ ਨੇ ਸਵਾਗਤ ਕੀਤਾ ਹੈ। ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਨੇ ਆਪ੍ਰੇਸ਼ਨ ਸਿੰਦੂਰ ਤੋਂ ਬਾਅਦ ਭਾਰਤ ਨਾਲ ਹਾਲ ਹੀ ਵਿੱਚ ਹੋਏ ਜੰਗਬੰਦੀ ਸਮਝੌਤੇ ਨੂੰ ਸੁਚਾਰੂ ਬਣਾਉਣ ਵਿੱਚ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਨਿਭਾਈ ਗਈ ਭੂਮਿਕਾ ਦੀ ਸ਼ਲਾਘਾ ਕੀਤੀ ਅਤੇ ਨਾਲ ਹੀ ਦੋਵਾਂ ਦੇਸ਼ਾਂ ਵਿਚਕਾਰ ਕਸ਼ਮੀਰ ਮੁੱਦੇ 'ਤੇ ਵਿਚੋਲਗੀ ਕਰਨ ਦੀ ਉਨ੍ਹਾਂ ਦੀ ਪੇਸ਼ਕਸ਼ ਲਈ ਧੰਨਵਾਦ ਕੀਤਾ। ਇਸਲਾਮਾਬਾਦ ਨੇ ਇਸ ਮੁੱਦੇ ਨੂੰ ਲੰਬਾ ਵਿਵਾਦ ਦੱਸਿਆ ਹੈ। ਹਾਲਾਂਕਿ ਭਾਰਤ ਜੰਮੂ-ਕਸ਼ਮੀਰ ਦੇ ਮੁੱਦੇ 'ਤੇ ਕਿਸੇ ਤੀਜੀ ਧਿਰ ਦੀ ਵਿਚੋਲਗੀ ਨੂੰ ਸਵੀਕਾਰ ਨਾ ਕਰਨ ਦੇ ਆਪਣੇ ਪੁਰਾਣੇ ਰੁਖ਼ 'ਤੇ ਕਾਇਮ ਹੈ। ਭਾਰਤ ਦਾ ਸਾਫ ਤੌਰ 'ਤੇ ਮੰਨਣਾ ਹੈ ਕਿ ਇਹ ਦੋਵਾਂ ਦੇਸ਼ਾਂ ਦੇ ਵਿਚਾਲੇ ਦਾ ਮੁੱਦਾ ਹੈ ਅਤੇ ਇਸ ਮਾਮਲੇ ਵਿਚ ਕਿਸੇ ਵੀ ਤੀਜੀ ਧਿਰ ਦਾ ਦਖਲ ਮਨਜ਼ੂਰ ਨਹੀਂ ਹੈ।

## ਫੌਜ ਦੀ ਵਰਦੀ 'ਚ ਦਿਖੇ 4 ਸ਼ੱਕੀ , ਮੰਦਰ ਦਾ ਗੇਟ ਖੜਕਾ ਕੇ ਬੋਲੇ - ਪਾਣੀ ਅਤੇ ਖਾਣਾ ਚਾਹੀਏ ਅਤੇ ਫ਼ਿਰ...

**ਜਲੰਧਰ, 11 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਤਣਾਅ ਦੇ ਵਿਚਕਾਰ ਜਲੰਧਰ ਦੇ ਸੁੰਦਰ ਨਗਰ ਇਲਾਕੇ ਨਾਲ ਲੱਗਦੀ ਸ਼੍ਰੀ ਸਟਾਰ ਕਲੋਨੀ ਵਿੱਚ ਚਾਰ ਸ਼ੱਕੀ ਵਿਅਕਤੀ ਦੇਖੇ ਗਏ। ਇੱਕ ਮੰਦਰ ਦੇ ਪੁਜਾਰੀ ਨੇ ਦਾਅਵਾ ਕੀਤਾ ਕਿ ਉਸਨੇ ਕੁਝ ਸ਼ੱਕੀ ਲੋਕਾਂ ਨੂੰ ਦੇਖਿਆ ਹੈ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਆਲੇ-ਦੁਆਲੇ ਦੇ ਇਲਾਕੇ ਵਿੱਚ ਤਲਾਸ਼ੀ ਮੁਹਿੰਮ ਚਲਾਈ ਅਤੇ ਸੀਸੀਟੀਵੀ ਫੁਟੇਜ ਵੀ ਖੰਗਾਲੀ ਪਰ ਚਾਰਾਂ ਲੋਕਾਂ ਦਾ ਕੋਈ ਸੁਰਾਗ ਨਹੀਂ ਮਿਲਿਆ। ਫਿਲਹਾਲ ਪੁਲਿਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ। ਪੁਜਾਰੀ ਨੇ ਕਿਹਾ ਕਿ ਰਾਤ ਨੂੰ ਚਾਰ ਲੋਕ ਆਏ ਸਨ। ਚਾਰੇ ਜਣੇ ਮੰਦਰ ਦੇ ਬਾਹਰ ਪਹੁੰਚੇ ਅਤੇ ਗੇਟ ਖੜਕਾਇਆ। ਜਦੋਂ ਪੁਜਾਰੀ ਗੇਟ 'ਤੇ ਆਇਆ ਤਾਂ ਉਨ੍ਹਾਂ ਨੇ ਪੀਣ ਲਈ ਪਾਣੀ ਮੰਗਿਆ। ਇਸ ਤੋਂ ਬਾਅਦ ਉਨ੍ਹਾਂ ਨੇ ਖਾਣਾ ਮੰਗਿਆ। ਜਦੋਂ ਪੁਜਾਰੀ ਫ਼ੋਨ ਕਰਕੇ ਖਾਣਾ ਮੰਗਵਾਉਣ ਲੱਗਿਆ ਤਾਂ ਉਹ ਚਾਰੇ ਉੱਥੋਂ ਭੱਜ ਗਏ। ਜਦੋਂ ਉਸਨੂੰ ਸ਼ੱਕ ਹੋਇਆ ਤਾਂ ਪੁਜਾਰੀ ਨੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ। ਇਸ ਦੌਰਾਨ ਮੈਂ ਦੇਖਿਆ ਕਿ ਉਨ੍ਹਾਂ ਨੇ ਵਰਦੀ ਪਾਈ ਹੋਈ ਸੀ ਅਤੇ ਉਨ੍ਹਾਂ ਚਾਰਾਂ ਦੇ ਹੱਥਾਂ ਵਿੱਚ ਬੰਦੂਕਾਂ ਸਨ। ਉਨ੍ਹਾਂ ਨੇ ਕਿਹਾ ਕਿ ਅਸੀਂ ਭਾਰਤੀ ਫੌਜ ਤੋਂ ਹਾਂ। ਜਦੋਂ ਮੈਂ ਕਿਹਾ ਕਿ ਮੈਂ ਬੁਲਾ ਰਿਹਾ ਹਾਂ, ਰੁਕੋ ਤਾਂ ਇਹ ਲੋਕ ਉੱਥੋਂ ਦੋ ਮੋਟਰਸਾਈਕਲਾਂ 'ਤੇ ਇੱਕ ਖਾਲੀ ਜਗ੍ਹਾ ਵੱਲ ਚਲੇ ਗਏ। ਪੁਜਾਰੀ ਨੇ ਕਿਹਾ ਕਿ ਜੇ ਉਹ ਫੌਜ ਵਿੱਚੋਂ ਹੁੰਦੇ ਤਾਂ ਉਹ ਇਸ ਤਰ੍ਹਾਂ ਨਾ ਭੱਜਦੇ। ਘਟਨਾ ਦੀ ਸੂਚਨਾ ਮਿਲਦੇ ਹੀ ਪੀਸੀਆਰ ਟੀਮ ਮੌਕੇ 'ਤੇ ਪਹੁੰਚ ਗਈ। ਅਧਿਕਾਰੀਆਂ ਨੇ ਉਸ ਰਸਤੇ ਦੀ ਜਾਂਚ ਕੀਤੀ ,ਜਿਸ ਤੋਂ ਚਾਰ ਸ਼ੱਕੀ ਭੱਜੇ ਸਨ ਪਰ ਘੰਟਿਆਂ ਦੀ ਜਾਂਚ ਤੋਂ ਬਾਅਦ ਵੀ ਪੁਲਿਸ ਨੂੰ ਕੁਝ ਨਹੀਂ ਮਿਲਿਆ। ਨੇੜੇ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਖੰਗਾਲ ਕੇ ਸ਼ੱਕੀਆਂ ਬਾਰੇ ਜਾਣਕਾਰੀ ਇਕੱਠੀ ਕਰਨ ਦੀ ਕੋਸ਼ਿਸ਼ ਕੀਤੀ ਪਰ ਇੱਥੋਂ ਵੀ ਕੋਈ ਸੁਰਾਗ ਨਹੀਂ ਮਿਲਿਆ।



**ਡੀਸੀਪੀ ਨੇ ਕਿਹਾ- ਸ਼ੱਕੀ ਹੈ ਪੂਰਾ ਮਾਮਲਾ**

ਡੀਸੀਪੀ ਮਨਪ੍ਰੀਤ ਸਿੰਘ ਢਿੱਲੋਂ ਨੇ ਕਿਹਾ ਕਿ ਫਿਲਹਾਲ ਅਜਿਹੀ ਕੋਈ ਹਰਕਤ ਨਹੀਂ ਦੇਖੀ ਗਈ। ਪੂਰਾ ਮਾਮਲਾ ਸ਼ੱਕੀ ਜਾਪਦਾ ਹੈ, ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚ ਤੋਂ ਬਾਅਦ ਮਾਮਲੇ ਵਿੱਚ ਢੁਕਵੀਂ ਕਾਰਵਾਈ ਕੀਤੀ ਜਾਵੇਗੀ।

## ਪਾਕਿਸਤਾਨ ਹਾਈ ਕਮਿਸ਼ਨ 'ਚ ਤਾਇਨਾਤ ਅਧਿਕਾਰੀ ਨੂੰ ਜਾਣਕਾਰੀ ਲੀਕ ਕਰਨ ਦੇ ਦੋਸ਼ ਹੇਠ ਔਰਤ ਸਮੇਤ ਦੋ ਜਣੇ ਗ੍ਰਿਫ਼ਤਾਰ

### ਜਾਂਚ ਅਨੁਸਾਰ ਗ੍ਰਿਫ਼ਤਾਰ ਮੁਲਜ਼ਮਾਂ ਨੂੰ ਖ਼ੁਫ਼ੀਆ ਜਾਣਕਾਰੀ ਸਾਂਝੀ ਕਰਨ ਬਦਲੇ ਮਿਲ ਰਹੇ ਸਨ ਪੈਸੇ: ਡੀਜੀਪੀ ਗੌਰਵ ਯਾਦਵ ਨੇ ਕਿਹਾ

**ਮਾਲੇਰਕੋਟਲਾ, 11 ਮਈ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਮਹੱਤਵਪੂਰਨ ਸਫ਼ਲਤਾ ਹਾਸਲ ਕਰਦਿਆਂ ਮਲੇਰਕੋਟਲਾ ਪੁਲਿਸ ਨੇ ਨਵੀਂ ਦਿੱਲੀ ਵਿਖੇ ਪਾਕਿਸਤਾਨ ਹਾਈ ਕਮਿਸ਼ਨ 'ਚ ਤਾਇਨਾਤ ਅਧਿਕਾਰੀ ਨੂੰ ਖੁਫ਼ੀਆ ਜਾਣਕਾਰੀ ਲੀਕ ਕਰਨ ਵਿੱਚ ਕਥਿਤ ਸ਼ਮੂਲੀਅਤ ਦੇ ਦੋਸ਼ ਹੇਠ 31 ਸਾਲਾ ਔਰਤ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਵਿਅਕਤੀਆਂ ਦੀ ਪਛਾਣ ਗੁਜ਼ਾਲਾ (ਔਰਤ) ਅਤੇ ਯਾਮੀਨ ਮੁਹੰਮਦ ਵਜੋਂ ਹੋਈ ਹੈ, ਜੋ ਦੋਵੇਂ ਮਲੇਰਕੋਟਲਾ ਦੇ ਰਹਿਣ ਵਾਲੇ ਹਨ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਮੋਬਾਈਲ ਫੋਨ ਵੀ ਬਰਾਮਦ ਕੀਤੇ ਹਨ। ਇਹ ਸਫ਼ਲਤਾ ਪੁਲਿਸ ਵੱਲੋਂ ਫਲਕਸ਼ੇਰ ਮਸੀਹ ਅਤੇ ਸੂਰਜ ਮਸੀਹ ਨਾਮੀ ਦੋ ਵਿਅਕਤੀਆਂ ਵੱਲੋਂ ਪਾਕਿਸਤਾਨ ਦੀ ਖੁਫੀਆ ਏਜੰਸੀ ਨੂੰ ਫੌਜ ਦੇ ਛਾਉਣੀ ਖੇਤਰਾਂ ਅਤੇ ਹਵਾਈ ਠਿਕਾਣਿਆਂ ਬਾਰੇ ਸੰਵੇਦਨਸ਼ੀਲ ਜਾਣਕਾਰੀ ਅਤੇ ਤਸਵੀਰਾਂ ਲੀਕ ਕਰਨ ਵਿੱਚ ਕਥਿਤ ਭੂਮਿਕਾ ਲਈ ਉਨ੍ਹਾਂ ਨੂੰ ਗ੍ਰਿਫਤਾਰ ਕੀਤੇ ਜਾਣ ਤੋਂ ਕੁਝ ਦਿਨ ਬਾਅਦ ਸਾਹਮਣੇ ਆਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਗੁਪਤ ਜਾਣਕਾਰੀ ਸਾਂਝੀ ਕਰਨ ਬਦਲੇ ਆਨਲਾਈਨ ਮੋਡ ਜ਼ਰੀਏ ਪੈਸੇ ਲੈਂਦੇ ਸਨ। ਦੱਸਣਯੋਗ ਹੈ ਕਿ ਉਕਤ ਮੁਲਜ਼ਮ ਆਪਣੇ ਹੈਂਡਲਰ ਦੇ ਲਗਾਤਾਰ ਸੰਪਰਕ ਵਿੱਚ ਸਨ ਅਤੇ ਉਸ ਦੀਆਂ ਹਦਾਇਤਾਂ ਅਨੁਸਾਰ ਹੋਰ ਸਥਾਨਕ ਸੰਚਾਲਕਾਂ ਨੂੰ ਪੈਸੇ ਭੇਜਦੇ ਸਨ। ਡੀਜੀਪੀ ਨੇ ਦੱਸਿਆ ਕਿ ਇਹ ਕਾਰਵਾਈ ਸਰਹੱਦ ਪਾਰੋਂ ਜਾਸੂਸੀ ਨੈੱਟਵਰਕਾਂ ਨੂੰ ਖਤਮ ਕਰਨ ਦੀ ਦਿਸ਼ਾ ਵੱਲ ਮਹੱਤਵਪੂਰਨ ਕਦਮ ਹੈ ਅਤੇ ਰਾਸ਼ਟਰੀ ਸੁਰੱਖਿਆ ਪ੍ਰਤੀ ਸਾਡੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਸਥਾਪਤ ਪ੍ਰੋਟੋਕੋਲ ਅਨੁਸਾਰ ਅਗਲੇਰੀ ਜਾਂਚ ਕੀਤੀ ਜਾਵੇਗੀ, ਜਿਸ ਵਿੱਚ ਵਿੱਤੀ ਲੈਣ-ਦੇਣ ਦਾ ਪਤਾ ਲਗਾਉਣ ਅਤੇ ਨੈੱਟਵਰਕ ਵਿਚਲੇ ਹੋਰਨਾਂ ਸੰਚਾਲਕਾਂ ਅਤੇ ਸਬੰਧਾਂ ਦੀ ਪਛਾਣ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਆਪਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਮਲੇਰਕੋਟਲਾ ਗਗਨ ਅਜੀਤ ਸਿੰਘ ਨੇ ਕਿਹਾ ਕਿ ਭਰੋਸੇਯੋਗ ਜਾਣਕਾਰੀ 'ਤੇ ਕਾਰਵਾਈ ਕਰਦਿਆਂ ਦੋਸ਼ੀ ਗੁਜ਼ਾਲਾ ਨੂੰ ਭਾਰਤੀ ਫੌਜ ਦੀਆਂ ਗਤੀਵਿਧੀਆਂ ਬਾਰੇ ਸੰਵੇਦਨਸ਼ੀਲ ਜਾਣਕਾਰੀ ਆਪਣੇ ਪਾਕਿਸਤਾਨ ਅਧਾਰਤ ਹੈਂਡਲਰ ਨੂੰ ਲੀਕ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਪੁੱਛਗਿੱਛ ਦੌਰਾਨ ਉਸ ਦੁਆਰਾ ਕੀਤੇ ਗਏ ਖੁਲਾਸਿਆਂ ਦੇ ਆਧਾਰ 'ਤੇ ਇਸ ਕੇਸ ਵਿੱਚ ਯਾਮੀਨ ਮੁਹੰਮਦ ਨਾਮੀ ਦੂਜੇ ਵਿਅਕਤੀ ਦੀ ਪਛਾਣ ਹੋਈ, ਜਿਸਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ।



## ਮੀਡੀਆ ਵੱਲੋਂ 'ਜੰਗ' ਦਰਮਿਆਨ ਚਲਾਈਆਂ ਗ਼ਲਤ ਖ਼ਬਰਾਂ ਮਗਰੋਂ ਭਾਰਤ ਸਰਕਾਰ ਵੱਲੋਂ ਤਾੜਨਾ, ਅਡਵਾਈਜ਼ਰੀ ਜਾਰੀ

**ਨਵੀਂ ਦਿੱਲੀ, 11 ਮਈ (ਆਵਾਜ਼ਿ ਕੌਮ ਬਿਊਰੋ)**-ਆਪਰੇਸ਼ਨ ਸਿੰਦੂਰ ਤੋਂ ਬਾਅਦ ਸੋਸ਼ਲ ਮੀਡੀਆ 'ਤੇ ਵੱਧ ਰਹੀ ਗਲਤ ਜਾਣਕਾਰੀ ਦੇ ਮੱਦੇਨਜ਼ਰ, ਭਾਰਤ ਸਰਕਾਰ ਦੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੇ ਨਾਗਰਿਕਾਂ ਲਈ ਕਰਨ ਅਤੇ ਨਾ ਕਰਨ ਵਾਲੀਆਂ ਗੱਲਾਂ ਦੀ ਇੱਕ ਸੂਚੀ ਸਾਂਝੀ ਕੀਤੀ ਹੈ। ਇਹ ਸਲਾਹ ਮੰਤਰਾਲੇ ਵੱਲੋਂ ਸ਼ੁੱਕਰਵਾਰ ਨੂੰ ਐਕਸ (ਪਹਿਲਾਂ ਟਵਿੱਟਰ) 'ਤੇ ਜਾਰੀ ਕੀਤੀ ਗਈ ਸੀ ਜਿਸਦਾ ਉਦੇਸ਼ ਲੋਕਾਂ ਨੂੰ ਸਾਈਬਰ ਸੁਰੱਖਿਆ ਬਾਰੇ ਜਾਗਰੂਕ ਕਰਨਾ ਅਤੇ ਗਲਤ ਜਾਣਕਾਰੀ ਤੋਂ ਬਚਣਾ ਹੈ।

**ਇਨ੍ਹਾਂ ਗੱਲਾਂ ਦਾ ਰੱਖੋ ਖਾਸ ਧਿਆਨ**

- ਹਮੇਸ਼ਾ ਸਾਈਬਰ ਸੁਰੱਖਿਆ ਉਪਾਵਾਂ ਦੀ ਪਾਲਣਾ ਕਰੋ। ਔਨਲਾਈਨ ਸਾਵਧਾਨ ਰਹੋ ਅਤੇ ਕਿਸੇ ਵੀ ਸ਼ੱਕੀ ਲਿੰਕ ਜਾਂ ਪੋਸਟ ਤੋਂ ਸਾਵਧਾਨ ਰਹੋ।
- ਕੋਈ ਵੀ ਖ਼ਬਰ ਸਾਂਝੀ ਕਰਨ ਤੋਂ ਪਹਿਲਾਂ ਕਿਰਪਾ ਕਰਕੇ ਇਸਦੀ ਪ੍ਰਮਾਣਿਕਤਾ ਦੀ ਜਾਂਚ ਕਰੋ। ਤੁਸੀਂ PIB ਫੈਕਟ ਚੈੱਕ ਜਾਂ ਹੋਰ ਭਰੋਸੇਯੋਗ ਫੈਕਟ ਚੈੱਕਿੰਗ ਪਲੇਟਫਾਰਮਾਂ ਦੀ ਵਰਤੋਂ ਕਰ ਸਕਦੇ ਹੋ।
- ਸਰਕਾਰੀ ਹੈਲਪਲਾਈਨਾਂ, ਸਲਾਹ ਅਤੇ ਰਾਹਤ ਨਾਲ ਸਬੰਧਤ ਜਾਣਕਾਰੀ ਸਾਂਝੀ ਕਰੋ ਤਾਂ ਜੋ ਪ੍ਰਭਾਵਿਤ ਖੇਤਰਾਂ ਦੇ ਲੋਕ ਸਹੀ ਜਾਣਕਾਰੀ ਤੱਕ ਪਹੁੰਚ ਕਰ ਸਕਣ। ਸੋਸ਼ਲ ਮੀਡੀਆ ਦੀ ਵਰਤੋਂ ਦੇਸ਼ ਭਗਤੀ ਅਤੇ ਜ਼ਿੰਮੇਵਾਰੀ ਨਾਲ ਕਰੋ।
- ਆਪਰੇਸ਼ਨ ਸਿੰਦੂਰ ਨਾਲ ਸਬੰਧਤ ਸੰਵੇਦਨਸ਼ੀਲ ਜਾਣਕਾਰੀ, ਜਿਵੇਂ ਕਿ ਫੌਜ ਦੀਆਂ ਗਤੀਵਿਧੀਆਂ ਜਾਂ ਤਾਇਨਾਤੀ, ਸੋਸ਼ਲ ਮੀਡੀਆ 'ਤੇ ਸਾਂਝੀ ਨਾ ਕਰੋ।
- ਕਿਸੇ ਵੀ ਅਣ-ਪ੍ਰਮਾਣਿਤ ਜਾਂ ਅਪ੍ਰਮਾਣਿਤ ਜਾਣਕਾਰੀ ਨੂੰ ਅੱਗੇ ਜਾਂ ਪੋਸਟ ਨਾ ਕਰੋ।
- ਅਜਿਹੀ ਸਮੱਗਰੀ ਸਾਂਝੀ ਕਰਨ ਤੋਂ ਬਚੋ ਜੋ ਦੰਗੇ, ਹਿੰਸਾ ਜਾਂ ਫਿਰਕੂ ਤਣਾਅ ਭੜਕਾਉਂਦੀ ਹੈ।
- ਕਿਸੇ ਵੀ ਸ਼ੱਕੀ ਜਾਣਕਾਰੀ ਜਾਂ ਜਾਅਲੀ ਖ਼ਬਰ ਨੂੰ ਨਜ਼ਰਅੰਦਾਜ਼ ਨਾ ਕਰੋ, ਇਸਦੀ ਰਿਪੋਰਟ ਕਰੋ।

**ਫਰਜ਼ੀ ਖਬਰਾਂ ਨੂੰ ਕਿਵੇਂ ਕਰੋ ਰਿਪੋਰਟ**

- WhatsApp ਨੰਬਰ : +91 8799711259
- ਈਮੇਲ : socialmedia@pib.gov.in

ਆਈਟੀ ਮੰਤਰਾਲਾ ਦਾ ਕਹਿਣਾ ਹੈ ਕਿ ਦੇਸ਼ ਦੇ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ ਕਿ ਉਹ ਨਾ ਸਿਰਫ਼ ਗਲਤ ਜਾਣਕਾਰੀ ਤੋਂ ਆਪਣੇ ਆਪ ਨੂੰ ਬਚਾਏ, ਸਗੋਂ ਦੂਜਿਆਂ ਨੂੰ ਵੀ ਜਾਗਰੂਕ ਕਰੇ। ਸੁਚੇਤ ਰਹੋ, ਰਾਸ਼ਟਰੀ ਹਿੱਤ ਵਿੱਚ ਸੋਚੋ ਅਤੇ ਸਿਰਫ਼ ਪ੍ਰਮਾਣਿਕ ਜਾਣਕਾਰੀ ਸਾਂਝੀ ਕਰੋ।

# Nankana Sahib Yatra Committe Uk



# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ
# ਗੁਰਮਤਿ ਸਮਾਗਮ

**1 ਨਵੰਬਰ 2025, ਦਿਨ ਸ਼ਨੀਵਾਰ ਨੂੰ**

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ

## ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 41ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ



# ਸ਼ਬਦ ਕੀਰਤਨ ਅਤੇ ਕਥਾ ਸਮਾਗਮ



**1 ਮਈ ਤੋਂ 31 ਮਈ 2025 ਤੱਕ** ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ

ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

| | | | |
|---|---|---|---|
| 1 ਮਈ | ਵੀਰਵਾਰ | ਜਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 2 ਮਈ | ਸ਼ੁੱਕਰਵਾਰ | ਜੱਫਰਵਾਲ | ਸ਼ਾਮ 6 ਤੋਂ 8 ਵਜੇ ਤੱਕ |
| 3 ਮਈ | ਸ਼ਨੀਵਾਰ | ਗੁ: ਭਗਤਾਂ ਦਾ ਡੇਰਾ ਤਰਸਿੱਕਾ | ਸ਼ਾਮ 6 ਤੋਂ 8 ਵਜੇ ਤੱਕ |
| 4 ਮਈ | ਐਤਵਾਰ | ਕੋਟਲਾ ਮੂਸਾ ਨੇੜੇ ਕਾਦੀਆਂ ਡੱਲਾ ਮੋੜ | ਸ਼ਾਮ 6 ਤੋਂ 8 ਵਜੇ ਤੱਕ |
| 5 ਮਈ | ਸੋਮਵਾਰ | ਸੱਦਾਰੰਗ | ਸ਼ਾਮ 6 ਤੋਂ 8 ਵਜੇ ਤੱਕ |
| 6 ਮਈ | ਮੰਗਲਵਾਰ | ਸਹਾਇਪੁਰ | ਸ਼ਾਮ 6 ਤੋਂ 8 ਵਜੇ ਤੱਕ |
| 7 ਮਈ | ਬੁੱਧਵਾਰ | ਧਰਦਿਓ | ਸ਼ਾਮ 6 ਤੋਂ 8 ਵਜੇ ਤੱਕ |
| 8 ਮਈ | ਵੀਰਵਾਰ | ਬਾਬੋਵਾਲ | ਸ਼ਾਮ 6 ਤੋਂ 8 ਵਜੇ ਤੱਕ |
| 9 ਮਈ | ਸ਼ੁੱਕਰਵਾਰ | ਭਲਾਈਪੁਰ ਪੁਰਬਾ | ਸ਼ਾਮ 6 ਤੋਂ 8 ਵਜੇ ਤੱਕ |
| 10 ਮਈ | ਸ਼ਨੀਵਾਰ | ਗੁ: ਕੰਧ ਸਾਹਿਬ ਬਟਾਲਾ | ਸ਼ਾਮ 6 ਤੋਂ 8 ਵਜੇ ਤੱਕ |
| 11 ਮਈ | ਐਤਵਾਰ | ਗੁਰੂ ਕੀ ਬੇਰ ਸਾਹਿਬ ਮੱਤੇਵਾਲ | ਸ਼ਾਮ 6 ਤੋਂ 8 ਵਜੇ ਤੱਕ |
| 12 ਮਈ | ਸੋਮਵਾਰ | ਲੀਲ ਕਲਾਂ | ਸ਼ਾਮ 6 ਤੋਂ 8 ਵਜੇ ਤੱਕ |
| 13 ਮਈ | ਮੰਗਲਵਾਰ | ਸੂਸਾ | ਸ਼ਾਮ 6 ਤੋਂ 8 ਵਜੇ ਤੱਕ |
| 14 ਮਈ | ਬੁੱਧਵਾਰ | ਸਿਆਲਕਾ | ਸ਼ਾਮ 6 ਤੋਂ 8 ਵਜੇ ਤੱਕ |
| 15 ਮਈ | ਵੀਰਵਾਰ | ਚੌਣੇ | ਸ਼ਾਮ 6 ਤੋਂ 8 ਵਜੇ ਤੱਕ |
| 16 ਮਈ | ਸ਼ੁੱਕਰਵਾਰ | ਨਵਾਂ ਪਿੰਡ | ਸ਼ਾਮ 6 ਤੋਂ 8 ਵਜੇ ਤੱਕ |
| 17 ਮਈ | ਸ਼ਨੀਵਾਰ | ਗੁ: ਸੰਗਤਪੁਰਾ ਬਥਵਾਲਾ ਗੁਰਦਾਸਪੁਰ | ਸ਼ਾਮ 6 ਤੋਂ 8 ਵਜੇ ਤੱਕ |
| 18 ਮਈ | ਐਤਵਾਰ | ਧਰਮੂਚੱਕ | ਸ਼ਾਮ 6 ਤੋਂ 8 ਵਜੇ ਤੱਕ |
| 19 ਮਈ | ਸੋਮਵਾਰ | ਕਾਹਲਵਾਂ | ਸ਼ਾਮ 6 ਤੋਂ 8 ਵਜੇ ਤੱਕ |
| 20 ਮਈ | ਮੰਗਲਵਾਰ | ਉੱਦੋ ਨੰਗਲ ਖੁਰਦ | ਸ਼ਾਮ 6 ਤੋਂ 8 ਵਜੇ ਤੱਕ |
| 21 ਮਈ | ਬੁੱਧਵਾਰ | ਸਠਿਆਲਾ | ਸ਼ਾਮ 6 ਤੋਂ 8 ਵਜੇ ਤੱਕ |
| 22 ਮਈ | ਵੀਰਵਾਰ | ਢਪਈਆ | ਸ਼ਾਮ 6 ਤੋਂ 8 ਵਜੇ ਤੱਕ |
| 23 ਮਈ | ਸ਼ੁੱਕਰਵਾਰ | ਵੀਲਾ/ਮੀਕੇ | ਸ਼ਾਮ 6 ਤੋਂ 8 ਵਜੇ ਤੱਕ |
| 24 ਮਈ | ਸ਼ਨੀਵਾਰ | ਬੁਤਾਲਾ | ਸ਼ਾਮ 6 ਤੋਂ 8 ਵਜੇ ਤੱਕ |
| 25 ਮਈ | ਐਤਵਾਰ | ਖੱਬੇ ਰਾਜਪੂਤਾਂ ਸਵੇਰੇ 10 ਤੋਂ 12 ਵਜੇ ਤੱਕ; ਚੌਧਰੀਵਾਲ | ਸ਼ਾਮ 7 ਤੋਂ 9 ਵਜੇ ਤੱਕ |
| 26 ਮਈ | ਸੋਮਵਾਰ | ਜਲਾਲ ਉਸਮਾਂ | ਸ਼ਾਮ 6 ਤੋਂ 8 ਵਜੇ ਤੱਕ |
| 27 ਮਈ | ਮੰਗਲਵਾਰ | ਜੇਠੂਵਾਲ | ਸ਼ਾਮ 6 ਤੋਂ 8 ਵਜੇ ਤੱਕ |
| 28 ਮਈ | ਬੁੱਧਵਾਰ | ਗੁ: ਰਾਮ ਥੰਮਣ ਸਾਹਿਬ ਮਨੇਸ਼ | ਸ਼ਾਮ 6 ਤੋਂ 8 ਵਜੇ ਤੱਕ |
| 29 ਮਈ | ਵੀਰਵਾਰ | ਮੈਹਣੀਆ ਕੁਹਾਰਾ | ਸ਼ਾਮ 6 ਤੋਂ 8 ਵਜੇ ਤੱਕ |
| 30 ਮਈ | ਸ਼ੁੱਕਰਵਾਰ | ਮਹਿਤਾ ਚੌਂਕ | ਸ਼ਾਮ 6 ਤੋਂ 8 ਵਜੇ ਤੱਕ |
| 31 ਮਈ | ਸ਼ਨੀਵਾਰ | ਚਾਟੀਵਿੰਡ | ਸ਼ਾਮ 6 ਤੋਂ 8 ਵਜੇ ਤੱਕ |

1-2-3-4-5 ਜੂਨ 2025 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ ਦਮਦਮੀ ਟਕਸਾਲ ਦੇ ਹੈਡਕੁਆਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਕਥਾ ਕੀਰਤਨ ਦਾ ਨਿਰੰਤਰ ਪ੍ਰਵਾਹ ਚੱਲੇਗਾ।

ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2025, ਸ਼ੁੱਕਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ

ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 9ਵੀਂ, 10ਵੀਂ, +1 +2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ

**ਸੰਪਰਕ: 99158-00904, 97793-10040, 95171-76191, 84376-91626**

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ
ਪਿੰਡ ਰੋਡੇ
ਪਹੁੰਚੋ
ਸਮਾਗਮ ਦਾ ਸਮਾ
ਸਵੇਰੇ 10 ਤੋਂ
3 ਵਜੇ
ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਵੱਲੋਂ :- ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, (98140-13915)

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਮਹਾਨ ਸ਼ਹੀਦੀਆਂ ਸਿੰਘ ਸਿੰਘਣੀਆਂ ਭੁਝੰਗੀਆਂ

ਛੋਟਾ ਘੱਲੂਘਾਰਾ ਕਹਾਨੂੰਵਾਨ ਗੁਰਦਾਸਪੁਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ ।

**17 ਮਈ ਦਿਨ ਸ਼ਨਿੱਚਰਵਾਰ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ ।**

18 ਮਈ 2025 ਦਿਨ ਐਤਵਾਰ ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ ।

ਕੀਰਤਨੀ ਜਥਾ ਰਾਗੀ ਭਾਈ ਅਮਰਜੀਤ ਸਿੰਘ ਦਿੱਲੀ ਵਾਲੇ ਕੀਰਤਨ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸ਼ੇਅਰ ਜ਼ਰੂਰੀ ਕਰਨਾ ਜੀ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰਨੀ ਜੀ ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

# ੴ ਸਤਿਗੁਰ ਪ੍ਰਸਾਦਿ

ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥
ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥

## ਭੋਗ ਅਤੇ ਅੰਤਿਮ ਅਰਦਾਸ



ਆਪ ਜੀ ਨੂੰ ਬਹੁਤ ਹੀ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਬਹੁਤ ਹੀ ਸਤਿਕਾਰਯੋਗ

**ਸਰਦਾਰ ਮਨਜਿੰਦਰ ਸਿੰਘ ਅਰਸ਼ੀ**

ਆਪਣੀ ਸੰਸਾਰਿਕ ਯਾਤਰਾ ਨੂੰ ਪੂਰਾ ਕਰਦੇ ਹੋਏ ਮਿਤੀ: 27 ਅਪ੍ਰੈਲ 2025 ਨੂੰ ਅਚਾਨਕ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

**ਸ਼੍ਰੀ ਅਖੰਡ ਸਾਹਿਬ ਪਾਠ ਦੇ ਭੋਗ**

**ਮਿਤੀ 24 ਮਈ, 2025 ਸ਼ਨੀਵਾਰ ਦਿਨ ਨੂੰ**

**ਘਰ ਨਜ਼ਦੀਕ ਗੁਰੂਦਵਾਰਾ ਭਾਈ ਸੁਲ੍ਹਾ ਸਾਹਿਬ ਜੀ (ਕਨਵਰ ਐਵੀਨਿਊ )**

ਸਮਾਂ 12 ਤੋਂ 2 ਵਜੇ ਤੱਕ ਪਵੇਗਾ।

ਸੋ ਆਪ ਨੂੰ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਲਈ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ।

**ਦੁਖੀ ਹਿਰਦੇ**

ਸਰਦਾਰ ਪੂਰਨ ਸਿੰਘ ਅਰਸ਼ੀ(ਪਿਤਾ)9876607150।
ਸਰਦਾਰ ਲਖਵਿੰਦਰ ਸਿੰਘ ਅਰਸ਼ੀ (ਭਰਾ) 9872733030।
ਸ: ਜਸਕੀਰਤ ਸਿੰਘ ਅਰਸ਼ੀ (ਪੁੱਤਰ)

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਗਰਾਂਦ ਦਾ ਪਵਿੱਤਰ ਦਿਹਾੜਾ

## ਸੰਗਰਾਂਦ ਦੇ ਪਵਿੱਤਰ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਜਾਣਗੇ।



ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ

14 ਮਈ 2025 ਦਿਨ ਬੁੱਧਵਾਰ ਸ਼ਾਮ 6:30 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਢਾਡੀ ਜਥਾ ਗਿਆਨੀ ਗੁਰਪ੍ਰੀਤ ਸਿੰਘ ਲਾਂਡਰਾਂ ਵਾਲੇ ਢਾਡੀ ਵਾਰਾਂ ਰਾਹੀਂ ਗੁਰਬਾਣੀ ਅਤੇ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਪੁਰਜ਼ੋਰ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਇਨ੍ਹਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। ☛ ਸ਼ੇਅਰ ਜ਼ਰੂਰੀ ਕਰਨਾ ਜੀ

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਲੰਮੇ ਸਮੇਂ ਤੋਂ ਜੇਲ 'ਚ ਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ'ਚ

# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਬਾਦਲਕੇ ਖੇਡਦੇ ਨੇ ਦੋਗਲੀ ਨੀਤੀ : ਭਾਈ ਵਿਰਸਾ ਸਿੰਘ ਖਾਲਸਾ

**ਜੰਡਿਆਲਾ ਗੁਰੂ, 11 ਮਈ ( ਕੁਲਵੰਤ ਸਿੰਘ ਵਿਰਦੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਸਬੰਧ ਵਿੱਚ ਇੱਕ ਪੰਥਕ ਇਕੱਤਰਤਾ ਸੱਦੀ ਹੈ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਇਸ ਫੈਸਲੇ ਦਾ ਸਵਾਗਤ ਕਰਦੀ ਹੋਈ ਮੰਗ ਕਰਦੀ ਹੈ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ ਸਮੇਤ ਹੋਰਾਂ ਨੂੰ ਜੇਲ੍ਹਾਂ 'ਚ ਅਜ਼ਾਦ ਕਰਵਾਉਣਾ ਸਿੱਖ ਕੌਮ ਲਈ ਵੱਡਾ ਮਸਲਾ ਤੇ ਚੁਣੌਤੀ ਬਣ ਚੁੱਕਾ ਹੈ ਜਦੋਂ ਕਿ ਕਿ ਸਮੇਂ ਦੀਆਂ ਸਰਕਾਰਾਂ ਦੇ ਨਾਲ ਨਾਲ ਅਕਾਲੀ ਦਲ ਬਾਦਲਕੇ ਕਰ ਰਹੇ ਨੇ ਇਸ ਤੇ ਦੋਗਲੀ ਰਾਜ ਨੀਤੀ ,ਕਿਉਂਕਿ ਸਿੱਖ ਧਰਮ ਦੀ ਸਰਗਰਮ ਸਿਆਸਤ ਤੋਂ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੇ ਬਾਦਲਕੇ ਆਪਣੀ ਅਸਮਾਨੋ ਫਰਸ ਤੇ ਆਈ ਸਿਆਸਤ ਨੂੰ ਚਮਕਾਉਣ ਦੀ ਵਿਉਂਤਬੰਦੀ ਬਣਾਉਦੇ ਰਹਿੰਦੇ ਹਨ ਅਤੇ ਇਸੇ ਨੀਤੀ ਤਹਿਤ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਰੁਕਵਾਉਣ ਲਈ ਪਾਈ ਪਟੀਸ਼ਨ ਸਬੰਧੀ ਲੋਕਾਂ ਨੂੰ ਗੁੰਮਰਾਹ ਕਰਨ'ਚ ਲੱਗੇ ਹੋਏ ਹਨ, ਕਿਉਂਕਿ ਅਗਰ ਉਹ ਜੇਲ'ਚ ਬੰਦ ਭਾਈ ਜਗਤਾਰ ਸਿੰਘ ਹਵਾਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਤਾਰਾ ਸਮੇਤ ਹੋਰਾਂ ਨੂੰ ਰਿਹਾਅ ਕਰਵਾਉਣਾ ਚਾਹੁੰਦੇ ਤਾਂ ਅਕਾਲੀ ਦਲ ਦੀ ਕੇਦਰ ਦੀ ਭਾਜਪਾ ਸਰਕਾਰ ਨਾਲ 10 ਸਾਲ ਸਾਂਝ ਭਿਆਲੀ ਰਹੀ, ਉਸ ਵਕਤ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੰਘਾ ਦਾ ਚੇਤਾ ਕਿਉਂ ਨਾਂ ਆਇਆ ਅਤੇ ਹੁਣ ਵੀ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਪਟੀਸ਼ਨ ਦੇ ਮਾਮਲੇ ਵਿੱਚ ਬਾਦਲਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਰਾਹੀਂ ਦੋਗਲੀ ਨੀਤੀ ਖੇਡ ਰਹੀ ਹੈ,ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਵੱਲੋਂ ਜੇਲ੍ਹ ਵਿੱਚ ਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਤੇ ਹੋਰ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੰਘ ਦੇ ਮਾਮਲੇ ਵਿੱਚ ਸੱਦੀ ਇਕੱਤਰਤਾ ਦੀ ਹਮਾਇਤ ਅਤੇ ਇਸ ਮਾਮਲੇ ਵਿੱਚ ਸਮੁੱਚੀ ਪੰਥਕ ਇਕੱਤਰਤਾ ਬੁਲਾਉਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਦੱਸਿਆ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਵੀ ਚਾਹੁੰਦੀ ਹੈ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਸੜ ਰਹੇ ਸਿੱਖ ਨੌਜਵਾਨਾਂ ਨੂੰ ਅਜ਼ਾਦ ਕਰਵਾਇਆ ਜਾਵੇ ,ਪਰ ਅਕਾਲੀ ਦਲ ਬਾਦਲਕਿਆਂ ਦੀ ਦੋਗਲੀ ਨੀਤੀ ਹੀ ਇਨ੍ਹਾਂ ਸਿੰਘਾਂ ਨੂੰ ਰਿਹਾਅ ਕਰਾਉਣ ਲਈ ਵੱਡਾ ਇੜੱਕਾ ਬਣ ਰਹੀ ਹੈ, ਭਾਈ ਖਾਲਸਾ ਨੇ ਸਪਸ਼ਟ ਕੀਤਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਦਲਾਂ ਦੀ ਡਿੱਗੀ ਸਿੱਖ ਸਿਆਸਤ ਨੂੰ ਚਮਕਾਉਣ ਲਈ ਜੇਲ੍ਹ ਵਿੱਚ ਬੰਦ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ'ਚ ਇਕੱਠ ਸੱਦਣ ਲਈ ਤਰਲੋ ਮੱਛੀ ਹੋ ਰਹੇ ਹਨ ,ਭਾਈ ਖਾਲਸਾ ਨੇ ਕਿਹਾ ਬਾਦਲਕੇ ਅਗਰ ਸੱਚੇ ਮਨੋਂ ਭਾਈ ਬਲਵੰਤ ਸਿੰਘ ਦੀ ਰਿਹਾਈ ਲਈ ਚਿੰਤਤ ਹਨ ਤਾਂ ਭਾਈ ਰਾਜੋਆਣਾ ਦੀ ਭੈਣ ਪਟਿਆਲਾ ਤੋਂ ਇਲੈਕਸ਼ਨ ਲੜ ਰਹੀ ਸੀ ਤਾਂ ਉਸ ਵਕਤ ਬਾਦਲਾ ਨੇ ਉਹਦੇ ਵਿਰੁੱਧ ਆਪਣਾ ਉਮੀਦਵਾਰ ਖੜਾਂ ਕਰ ਦਿੱਤਾ ਹੈ, ਭਾਈ ਖਾਲਸਾ ਨੇ ਕਿਹਾ ਇਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ ਭਾਈ ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿੱਚ ਬਾਦਲਾਂ ਦੀ ਨੀਤੀ ਖੇਡ ਰਹੇ ਹਨ, ਭਾਈ ਖਾਲਸਾ ਨੇ ਦੱਸਿਆ ਅਕਾਲੀ ਦਲ ਦੀ ਕੇਦਰ ਦੀ ਭਾਜਪਾ ਸਰਕਾਰ ਨਾਲ 10 ਸਾਲ ਤਕ ਸਾਂਝ ਭਿਆਲੀ ਰਹੀ ਉਸ ਵਕਤ ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ ਤੇ ਹੋਰਾਂ ਦੀ ਰਿਹਾਈ ਜਾ ਹੋਰ ਮਸਲਿਆਂ ਸਬੰਧੀ ਕਿਉਂ ਨਾ ਗੱਲ ਕੀਤੀ ਗਈ, ਭਾਈ ਖਾਲਸਾ ਨੇ ਦੱਸਿਆ ਹੁਣ ਬਾਦਲਕਿਆਂ ਨੂੰ ਜਦੋਂ ਸਿੱਖ ਪੰਥ ਨੇ ਨਿਕਾਰ ਦਿੱਤਾ ਤੇ ਚੋਣਾਂ ਵਿੱਚ ਬੁਰੀ ਤਰ੍ਹਾਂ ਹਰਾਇਆ ਹੈ ਤਾਂ ਬਾਦਲਕਿਆਂ ਦੀ ਸਿਆਸਤ ਨੂੰ ਚਮਕਾਉਣ ਦਾ ਜਤਨ ਕਰ ਰਹੇ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਹਰਜਿੰਦਰ ਸਿੰਘ ਧਾਮੀ , ਭਾਈ ਖਾਲਸਾ ਨੇ ਕਿਹਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਕਮੇਟੀ ਨੂੰ ਬੇਨਤੀ ਕਰਦੀ ਹੈ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਕਹੇ ਰਹੇ ਹਨ ਕਿ ਕਮੇਟੀ ਆਪਣੀ ਪਾਈ ਪਟੀਸ਼ਨ ਵਾਪਸ ਲਵੇ ਤਾਂ ਉਹਨਾਂ ਦੇ ਮੁਤਾਬਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਉਹ ਪਟੀਸ਼ਨ ਵਾਪਸ ਲੈ ਲੈਂਣੀ ਚਾਹੀਦਾ ਹੈ ਅਤੇ ਸਮੂਹ ਸਿੰਘਾਂ ਦੀ ਰਿਹਾਈ ਲਈ ਸਮੁੱਚੇ ਪੰਥ ਦੀ ਇਕੱਤਰਤਾ ਸੱਦਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ।



"ਕਿਛ ਸੁਣੀਐ ਕਿਛੁ ਕਹੀਐ" ਤਹਿਤ ਪ੍ਰੋ. ਬੋਪਾਰਾਏ ਨਾਲ ਰਚਾਈ ਅਦਬੀ ਮਹਿਫ਼ਲ

# ਸਾਡਾ ਮਨੋਰਥ ਬਜ਼ੁਰਗ ਸਾਹਿਤਕਾਰਾਂ ਨਾਲ ਸੰਵਾਂਦ ਰਚਾ ਕੇ ਜ਼ਿੰਦਗੀ ਦੇ ਅਨੁਭਵ ਅਤੇ ਕਲਮੀ ਅਨੁਭਵ ਨੂੰ ਪਾਠਕਾਂ ਨਾਲ ਸਾਂਝਾ ਕਰਨਾ ਦੀਪ ਦੇਵਿੰਦਰ ਸਿੰਘ



**ਜੰਡਿਆਲਾ ਗੁਰੂ, 11 ਮਈ (ਕੁਲਵੰਤ ਸਿੰਘ ਵਿਰਦੀ)**-ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਕਹਾਣੀਕਾਰ ਦੀਪ ਦਵਿੰਦਰ ਜੀ ਦੀ ਰਹਿਨੁਮਾਈ ਹੇਠ ਜਨਵਾਦੀ ਲੇਖਕ ਸੰਘ ਵਲੋਂ ਅਰੰਭੀ "ਕਿਛ ਸੁਣੀਐ ਕਿਛੁ ਕਹੀਐ" ਸਮਾਗਮਾਂ ਦੀ ਲੜੀ ਤਹਿਤ ਪ੍ਰੋ. ਐਚ ਐਸ ਬੋਪਾਰਾਏ ਨਾਲ ਅਦਬੀ ਮਹਿਫ਼ਲ ਰਚਾਈ ਗਈ। ਸਮਾਗਮ ਦੇ ਕਨਵੀਨਰ ਕਥਾਕਾਰ ਦੀਪ ਦੇਵਿੰਦਰ ਸਿੰਘ ਨੇ ਸਵਾਗਤੀ ਸ਼ਬਦ ਕਹਿੰਦਿਆਂ ਦੱਸਿਆ ਕਿ ਸਾਡਾ ਮਨੋਰਥ ਬਜ਼ੁਰਗ ਸਾਹਿਤਕਾਰਾਂ ਨਾਲ ਸੰਵਾਂਦ ਰਚਾ ਕੇ ਜ਼ਿੰਦਗੀ ਦੇ ਅਨੁਭਵ ਅਤੇ ਕਲਮੀ ਅਨੁਭਵ ਨੂੰ ਪਾਠਕਾਂ ਨਾਲ ਸਾਂਝਾ ਕਰਨ ਤੋਂ ਵੀ ਹੈ। ਅਣਵੰਡੇ ਪੰਜਾਬ ਦੇ ਜ਼ਿਲ੍ਹਾ ਕਸੂਰ ਵਿਚ 1931 ਨੂੰ ਜਨਮੇ ਅਤੇ ਇਤਿਹਾਸਕ ਖਾਲਸਾ ਕਾਲਜ ਅੰਮ੍ਰਿਤਸਰ ਤੋਂ ਅਧਿਆਪਨ ਦੇ ਕਿੱਤੇ ਤੋਂ ਸੇਵਾ ਮੁਕਤ ਹੋਏ ਪ੍ਰੋ. ਬੋਪਾਰਾਏ ਹੋਰਾਂ ਮੌਜੂਦਾ ਹਲਾਤ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਉਹਨਾਂ ਸੰਤਾਲੀ ਦਾ ਉਜਾੜਾ ਅਤੇ ਪੈਂਹਠ- ਇਕੱਹਤਰ ਦੀਆਂ ਜੰਗਾਂ ਦੀ ਭਿਆਨਕਤਾ ਅੱਖੀਂ ਵੇਖੀ ਹੈ, ਜੰਗ ਮਨੁੱਖਤਾ ਦਾ ਵਿਨਾਸ਼ ਕਰਦੀ ਹੈ ਅਤੇ ਅਮਨ- ਸ਼ਾਂਤੀ ਮਨੁੱਖ ਨੂੰ ਵਿਕਾਸ ਦੀਆਂ ਲੀਹਾਂ ਦੀ ਨਿਸ਼ਾਨ ਦੇਹੀ ਕਰਵਾਉਂਦੀ ਹੈ । ਜਨਵਾਦੀ ਲੇਖਕ ਸੰਘ ਦੇ ਸੀਨੀਅਰ ਮੀਤ ਪ੍ਰਧਾਨ ਮਨਮੋਹਨ ਸਿੰਘ ਢਿਲੋਂ ਨੇ ਪ੍ਰੋ ਬੋਪਾਰਾਏ ਦੀ ਪੁਸਤਕ "ਜ਼ਿੰਦਗੀ ਦਾ ਸਫ਼ਰ" ਦੇ ਹਵਾਲੇ ਨਾਲ ਕਿਹਾ ਕਿ ਬੋਪਾਰਾਏ ਹੋਰਾਂ ਕੋਲ ਸੰਘਰਸ਼ ਮਈ ਜੀਵਨ ਜਾਚ ਦੀ ਇਕ ਲੰਮੀ ਗਾਥਾ ਹੈ । ਇਸ ਮੌਕੇ ਸੁਮੀਤ ਸਿੰਘ ਅਤੇ ਡਾ ਕਸ਼ਮੀਰ ਸਿੰਘ ਨੇ ਧੰਨਵਾਦ ਕੀਤਾ ਅਤੇ ਅਜਿਹੇ ਸਮਾਗਮਾਂ ਦੀ ਨਿਰੰਤਰਤਾ ਦੀ ਹਾਮੀ ਭਰੀ।

# ਮਾਨ ਪਰਿਵਾਰ ਨੂੰ ਸਦਮਾ : ਅਮਰਦੀਪ ਮਾਨ ਦਾ ਦਿਹਾਂਤ



**ਚੌਂਕ ਮਹਿਤਾ, 11 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਸਤਿਕਾਰਤ ਸਖਸ਼ੀਅਤ ਸ. ਇਕਬਾਲ ਸਿੰਘ ਮਾਨ ਅਤੇ ਸ੍ਰੋਮਣੀ ਅਕਾਲੀ ਦਲ ਦੇ ਜਨਰਲ ਕੌਂਸਲ ਮੈਂਬਰ ਸ. ਕੰਵਰਦੀਪ ਸਿੰਘ ਮਾਨ ਨੂੰ ਉਸ ਵਕਤ ਵੱਡਾ ਸਦਮਾ ਲੱਗਾ, ਜਦ ਉਨਾਂ ਦੇ ਛੋਟੇ ਭਰਾਤਾ ਸ. ਅਮਰਦੀਪ ਸਿੰਘ ਮਾਨ ਬੀਤੇ ਕੱਲ ਅਚਾਨਕ ਅਕਾਲ ਚਲਾਣਾ ਕਰ ਗਏ। ਅੱਜ ਸੈਕੜਿਆਂ ਦੀ ਗਿਣਤੀ ਵਿਚ ਪਹੁੰਚੇ ਰਿਸ਼ਤੇਦਾਰਾਂ ਤੇ ਸਨੇਹੀਆਂ ਦੀ ਹਾਜਰੀ 'ਚ ਮ੍ਰਿਤਕ ਦੇਹ ਦਾ ਅੰਤਿਮ ਸਸਕਾਰ ਪਿੰਡ ਜਲਾਲਉਸਮਾਂ ਦੇ ਸ਼ਮਸ਼ਾਨਘਾਟ ਵਿਚ ਕਰ ਦਿੱਤਾ ਗਿਆ।ਸ.ਅਮਰਦੀਪ ਸਿੰਘ ਮਾਨ ਦੇ ਇਸ ਬੇਵਕਤੀ ਵਿਛੋੜੇ ਨੂੰ ਲੈਕੇ ਹਰ ਇਕ ਦੇ ਵੱਲੋਂ ਗਹਿਰਾ ਦੁੱਖ ਪ੍ਰਗਟ ਕੀਤਾ ਗਿਆ। ਇਸ ਦੌਰਾਨ ਸਾਬਕਾ ਮੰਤਰੀ ਸ. ਬਿਕਰਮ ਸਿੰਘ ਮਜੀਠੀਆ ਨੇ ਉਚੇਚੇ ਤੌਰ ਤੇ ਪਹੁੰਚ ਕੇ ਮਾਨ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਅੱਜ ਸਸਕਾਰ ਮੌਕੇ ਸਾਬਕਾ ਵਿਧਾਇਕ ਬਲਜੀਤ ਸਿੰਘ ਜਲਾਲ ਉਸਮਾਂ, ਰਾਜਨਬੀਰ ਸਿੰਘ ਘੁਮਾਣ ਇੰਚਾਰਜ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ, ਜੋਧ ਸਿੰਘ ਸਮਰਾ ਇੰਚਾਰਜ ਹਲਕਾ ਅਜਨਾਲਾ, ਚੇਅਰਮੈਨ ਸੁਖਵਿੰਦਰ ਸਿੰਘ ਗੋਲਡੀ, ਹਰਜਿੰਦਰ ਸਿੰਘ ਨੰਗਲੀ, ਮਨਜੀਤ ਸਿੰਘ ਤਰਸਿੱਕਾ, ਸੁਰਿੰਦਰਪਾਲ ਸਿੰਘ ਤੇ ਸੁਖਵਿੰਦਰ ਸਿੰਘ ਰਾਜੂ (ਚਾਰੇ ਸਰਕਲ ਪ੍ਰਧਾਨ), ਜਥੇ. ਰਾਜਬੀਰ ਸਿੰਘ ਉਦੋਨੰਗਲ ਪੀ.ਏ.ਸੀ. ਮੈਂਬਰ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ, ਮਹਿੰਦਰਪਾਲ ਸਿੰਘ ਬੱਲ, ਗੁਰਮੀਤ ਸਿੰਘ ਮਾਨ, ਜਤਿੰਦਰ ਸਿੰਘ ਲੱਧਾਮੁੰਡਾ, ਤਜਿੰਦਰਪਾਲ ਸਿੰਘ ਲਾਡੀ, ਗੁਰਲਾਲ ਸਿੰਘ ਲਾਲੀ, ਬਲਦੇਵ ਸਿੰਘ ਅਠਵਾਲ, ਠੇਕੇਦਾਰ ਲਖਵਿੰਦਰ ਸਿੰਘ ਸਰਪੰਚ ਉਸਮਾਂ, ਸਰਪੰਚ ਗੁਰਵੇਲ ਸਿੰਘ ਜਲਾਲ, ਸੁਖਜੀਤ ਸਿੰਘ ਮਾਨ, ਮਾ. ਸੁਖਦੇਵ ਸਿੰਘ ਜਲਾਲ, ਮਾ. ਗੁਰਪ੍ਰੀਤ ਸਿੰਘ ਜਲਾਲ, ਸਰਪੰਚ ਗੁਰਿੰਦਰ ਸਿੰਘ ਨੰਗਲੀ, ਚੇਅਰਮੈਨ ਗੁਰਮੀਤ ਸਿੰਘ ਨੰਗਲੀ ਤੇ ਸੁਖਰਾਜ ਸਿੰਘ ਮਹਿਤਾ ਵੀ ਇਸ ਦੁੱਖ ਚ ਸ਼ਰੀਕ ਹੋਏ।

## ★ ਵਰ੍ਹੇਗੰਢ ਮੁਬਾਰਕ ★



ਰਣਜੀਤ ਸਿੰਘ ਬਾਠ ਰਮਨਦੀਪ ਕੌਰ ਬਾਠ ਪਿੰਡ ਬਾਬੋਵਾਲ ਨੇ 19 ਵੀ' ਮਨਾਈ

( ਫੋਟੋ ਵੇਰਵਾ-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਭਾਕਿਯੂ ਉਗਰਾਹਾਂ ਨੇ ਜੰਗ ਦੇ ਵਿਰੋਧ ਵਿੱਚ

# ਅੱਧੀ ਦਰਜਨ ਪਿੰਡਾਂ 'ਚ ਕੱਢਿਆ ਮਾਰਚ



**ਤਲਵੰਡੀ ਸਾਬੋ, 11 ਮਈ (ਗੁਰਜੰਟ ਸਿੰਘ ਨਥੇਹਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਕਮੇਟੀ ਦੇ ਸੱਦੇ ਤਹਿਤ ਅੱਜ ਬਠਿੰਡਾ ਜ਼ਿਲ੍ਹਾ ਵੱਲੋਂ ਅੱਧੀ ਦਰਜਨ ਪਿੰਡਾਂ ਵਿੱਚ ਸਦਭਾਵਨਾ ਮਾਰਚ ਕੱਢੇ ਗਏ। ਮਾਰਚਾਂ ਦੌਰਾਨ ਜਿਲਾ ਪ੍ਰਧਾਨ ਸਿੰਗਾਰਾ ਸਿੰਘ ਮਾਨ ਅਤੇ ਔਰਤ ਜਥੇਬੰਦੀ ਦੀ ਜ਼ਿਲਾ ਪ੍ਰਧਾਨ ਹਰਿੰਦਰ ਬਿੰਦੂ ਸਮੇਤ ਆਗੂਆਂ ਨੇ ਕਿਹਾ ਕਿ ਪਾਕਿਸਤਾਨ ਤੇ ਭਾਰਤ ਦੀ ਨਹੱਕੀ ਜੰਗ ਬੰਦ ਕੀਤੀ ਜਾਵੇ। ਆਗੂਆਂ ਨੇ ਅੱਤਵਾਦੀਆਂ ਵੱਲੋਂ ਪਹਿਲਗਾਮ ਕਤਲੇਆਮ ਹਮਲੇ ਦੀ ਸਖ਼ਤ ਨਿੰਦਾ ਕਰਦੇ ਹੋਏ ਇਸ ਹਮਲੇ ਦੇ ਸ਼ਿਕਾਰ ਵਿਅਕਤੀਆਂ ਦੇ ਵਾਰਸਾਂ ਨਾਲ ਡੂੰਘੀ ਹਮਦਰਦੀ ਜ਼ਾਹਰ ਕੀਤੀ ਗਈ। ਇਸ ਘਟਨਾ ਨੂੰ ਭਾਰਤੀ ਹਾਕਮਾਂ ਵੱਲੋਂ ਹਿੰਦੂ ਮੁਸਲਮ ਫਿਰਕੂ ਰੰਗਤ ਰਾਹੀਂ ਆਮ ਲੋਕਾਂ ਵਿੱਚ ਇੱਕ ਦੂਜੇ ਪ੍ਰਤੀ ਅੰਨ੍ਹੀ ਫਿਰਕੂ ਨਫ਼ਰਤ ਫੈਲਾ ਕੇ ਆਪਸ ਵਿੱਚ ਲੜਾਉਣ ਦੀ ਸਾਜ਼ਸ਼ ਰਾਹੀਂ ਹੱਕੀ ਮੰਗਾਂ ਵਾਲੇ ਸ਼ਾਂਤਮਈ ਜਨਤਕ ਸੰਘਰਸ਼ਾਂ ਨੂੰ ਕੁਚਲਣ ਦਾ ਮਹੌਲ ਪੈਦਾ ਕਰਨ ਦੇ ਸਿਰਤੋੜ ਯਤਨਾਂ ਦੀ ਨਿਖੇਧੀ ਕੀਤੀ ਗਈ। ਦੋਨਾਂ ਦੇਸ਼ਾਂ ਦੀਆਂ ਫੌਜਾਂ ਵੱਲੋਂ ਇੱਕ ਦੂਜੇ ਦੇ ਸ਼ਹਿਰਾਂ/ਪਿੰਡਾਂ ਉੱਤੇ ਡਰੋਨ ਮਿਜ਼ਾਈਲਾਂ ਰਾਹੀਂ ਬੰਬ ਸੁੱਟਣ ਅਤੇ ਨਿਹੱਥੇ ਲੋਕਾਂ ਨੂੰ ਮਾਰ ਮੁਕਾਉਣ ਦੇ ਹਮਲਿਆਂ ਦੀ ਵੀ ਸਖ਼ਤ ਨਿੰਦਾ ਕੀਤੀ ਗਈ ਅਤੇ ਇਹ ਹਮਲੇ ਤੁਰੰਤ ਬੰਦ ਕਰਨ ਦੀ ਮੰਗ ਕੀਤੀ ਗਈ। ਲੰਬੇ ਸਮੇਂ ਤੋਂ ਆਪਸੀ ਸਹਿਮਤੀ ਅਨੁਸਾਰ ਐਲ ਏ ਸੀ ਰਾਹੀਂ ਹੱਲ ਕੀਤੇ ਗਏ ਸਰਹੱਦੀ ਮਸਲੇ 'ਤੇ ਖੜ੍ਹਨ ਦੀ ਮੰਗ ਕੀਤੀ ਗਈ। ਕਿਸਾਨ ਆਗੂਆਂ ਨੇ ਪੰਜਾਬ ਦੇ ਸਮੂਹ ਲੋਕਾਂ ਨੂੰ 'ਜੰਗ ਨਹੀਂ, ਅਮਨ' ਦੇ ਨਾਹਰੇ ਨੂੰ ਬੁਲੰਦ ਕਰਦੇ ਹੋਏ ਆਉਂਦੇ ਦਿਨਾਂ ਚ ਆਉਣ ਵਾਲੇ ਸੱਦਿਆਂ 'ਚ ਵੀ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ ਜੋ ਭਗਵੰਤ ਮਾਨ ਵੱਲੋਂ ਜੰਗ ਨੂੰ ਸੁਨਹਿਰੀ ਮੌਕਾ ਸਮਝ ਕੇ ਕਿਸਾਨਾਂ ਜ਼ਮੀਨਾਂ ਤੇ ਘਰਾਂ ਉੱਤੇ ਕਬਜ਼ਿਆਂ ਦੇ ਹਮਲੇ ਤੇਜ਼ ਕੀਤੇ ਜਾ ਰਹੇ ਹਨ। ਅੱਜ ਦੇ ਮਾਰਚਾਂ ਵਿੱਚ ਉਪਰੋਕਤ ਆਗੂਆਂ ਤੋਂ ਇਲਾਵਾ ਜ਼ਿਲਾ ਆਗੂ ਜਗਦੇਵ ਸਿੰਘ ਜੋਗੇਵਾਲਾ, ਗੁਲਾਬ ਸਿੰਘ ਜਿਉਂਦ, ਸਿਕੰਦਰ ਸਿੰਘ, ਰਾਮ ਰਤਨ ਸਿੰਘ ਵੀ ਸਾਮਲ ਸਨ। ਇਸ ਦੌਰਾਨ ਸਿੰਗਾਰਾ ਸਿੰਘ ਮਾਨ ਨੇ ਸੰਯੁਕਤ ਕਿਸਾਨ ਮੋਰਚੇ ਦੇ ਸਾਂਝੇ ਸੱਦੇ ਤਹਿਤ ਸਮੂਹ ਅਮਨ ਪਸੰਦ ਲੋਕਾਂ ਨੂੰ ਅਪੀਲ ਕੀਤੀ ਕਿ 14 ਮਈ ਨੂੰ ਜ਼ਿਲਾ ਪੱਧਰੇ ਕੀਤੇ ਜਾ ਰਹੇ ਅਮਨ ਮਾਰਚਾਂ ਵਿੱਚ ਵੱਧ ਤੋਂ ਵੱਧ ਸਮੂਲੀਅਤ ਕਰਨ।

ਸਰਨਾ ਨੇ ਦਿੱਲੀ ਕਮੇਟੀ ਪ੍ਰਬੰਧਕਾਂ ਉਪਰ ਗੰਭੀਰ ਇਲਜਾਮ ਲਗਾਂਦਿਆਂ

# ਕਾਲਕਾ ਵਲੋਂ ਦਿੱਤੀ ਗਈ ਖੁਲ੍ਹੀ ਬਹਿਸ ਕਰਨ ਦੀ ਚੁਣੌਤੀ ਨੂੰ ਕਬੂਲਿਆ



**ਨਵੀਂ ਦਿੱਲੀ 11 ਮਈ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੀ ਇਕ ਅਦਾਲਤ ਨੇ ਪਿਛਲੇ ਦਿਨੀਂ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਮਾਮਲੇ ਵਿਚ ਦਿੱਲੀ ਕਮੇਟੀ ਦੀਆਂ ਕੁੱਝ ਜਾਇਦਾਦਾਂ ਦੀ ਕੀਮਤ ਪਤਾ ਲਾਉਣ ਲਈ ਮਾਹਰ ਲਾਉਣ ਦਾ ਹੁਕਮ ਦਿੱਤਾ ਸੀ। ਜਿਸ ਮਗਰੋਂ ਦਿੱਲੀ ਦੀ ਸਿੱਖ ਸਿਆਸਤ ਵਿਚ ਭਾਰੀ ਉਬਾਲ ਆ ਗਿਆ ਹੈ ਤੇ ਇਕ ਦੂਜੇ ਉਪਰ ਬਿਆਨ ਬਾਜ਼ੀ ਦੇ ਨਾਲ ਮੀਡੀਆ ਵਿਚ ਆਹਮਣੇ ਸਾਹਮਣੇ ਬੈਠਣ ਦੀਆਂ ਚੁਣੌਤੀਆਂ ਦਿਤੀਆਂ ਜਾ ਰਹੀਆਂ ਹਨ । ਇਸੇ ਮਸਲੇ ਤੇ ਸਰਦਾਰ ਪਰਮਜੀਤ ਸਿੰਘ ਸਰਨਾ ਵਲੋਂ ਬੀਤੇ ਦਿਨੀਂ ਕੀਤੀ ਗਈ ਪ੍ਰੈਸ ਕਾਨਫਰੰਸ ਵਿਚ ਦਿੱਲੀ ਕਮੇਟੀ ਦੇ ਮੌਜੂਦਾ ਪ੍ਰਬੰਧਕਾਂ ਉਪਰ ਗੰਭੀਰ ਇਲਜਾਮ ਲਗਾਏ ਹਨ ਤੇ ਉਨ੍ਹਾਂ ਵਲੋਂ ਮੀਡੀਆ ਵਿਚ ਬੈਠ ਕੇ ਕਮੇਟੀ ਪ੍ਰਬੰਧ ਮੁਦੇ ਤੇ ਖੁਲੀ ਬਹਿਸ ਕਰਣ ਦੀ ਚੁਣੌਤੀ ਨੂੰ ਕਬੂਲ ਕੀਤਾ ਗਿਆ ਹੈ । ਸਰਨਾ ਨੇ ਅਪਣੇ ਸਾਥੀਆਂ ਸ਼੍ਰੋਮਣੀ ਅਕਾਲੀ ਦਲ (ਦਿੱਲੀ) ਦੇ ਪ੍ਰਧਾਨ ਕਰਤਾਰ ਸਿੰਘ ਚਾਵਲਾ, ਜਤਿੰਦਰ ਸਿੰਘ ਸਾਹਨੀ ਤੇ ਹੋਰਨਾਂ ਦੀ ਹਾਜ਼ਰੀ ਵਿਚ ਦੋਸ਼ ਲਾਇਆ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਅਧਿਆਪਕਾਂ ਦਾ ਤਕਰੀਬਨ 300 ਕਰੋੜ ਤੋਂ ਵੱਧ ਦਾ ਬਕਾਇਆ ਦੇਣਾ ਹੈ, ਉਸ ਲਈ ਹਾਈਕੋਰਟ ਦਿੱਲੀ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਸਾਬਕਾ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਦੀਆਂ ਜਾਇਦਾਦਾਂ ਜ਼ਬਤ ਕਰ ਕੇ, ਮੁਲਾਜ਼ਮਾਂ ਨੂੰ ਬਕਾਇਆ ਰਕਮ ਦੇਵੇ, ਜ਼ੇਕਰ ਇਸ ਤੋਂ ਬਾਅਦ ਵੀਂ ਰਕਮ ਘਟਦੀ ਹੈ ਇੰਨ੍ਹਾ ਦੇ ਜੇਵਰਾਤ ਵੀਂ ਲਏ ਜਾ ਸਕਦੇ ਹਨ ਇਸ ਲਈ ਗੁਰਦਵਾਰਿਆਂ ਤੇ ਸਕੂਲ ਦੀਆਂ ਜਾਇਦਾਦਾਂ ਨੂੰ ਛੇੜਨ ਦੀ ਲੋੜ ਨਹੀਂ, ਜੋ ਸਿੱਖ ਪੰਥ ਦੀਆਂ ਜਾਇਦਾਦਾਂ ਹਨ। ਸਰਨਾ ਨੇ ਕਿਹਾ, 2012 ਤਕ ਗੁਰੂ ਹਰਿਕ੍ਰਿਸ਼ਨ ਸਕੂਲਾਂ ਵਿਚ 22 ਹਜ਼ਾਰ ਬੱਚਾ ਪੜ੍ਹਦਾ ਸੀ, ਜੋ ਹੁਣ ਘੱਟ ਕੇ, 12 ਹਜ਼ਾਰ ਹੋ ਚੁਕਾ ਹੈ ਜੋ ਕਿ ਇੰਨ੍ਹਾ ਨੂੰ ਕਮੇਟੀ ਪ੍ਰਬੰਧ ਸੰਭਾਲਣ ਵਿਚ ਨਾਕਾਮਯਾਬੀ ਨੂੰ ਦਰਸਾਦਾਂ ਹੈ । ਸਰਨਾ ਨੇ ਦਿੱਲੀ ਕਮੇਟੀ ਪ੍ਰਬੰਧਕਾਂ ਬਾਰੇ ਕੇਂਦਰ ਸਰਕਾਰ ਨੂੰ ਵੰਗਾਰ ਪਾਉਂਦੇ ਹੋਏ ਤਿੱਖੀ ਸੁਰ ਵਿਚ ਕਿਹਾ ਕਿ ਸਰਕਾਰ ਇੰਨ੍ਹਾ ਲੋਕਾਂ ਦੀ ਪਿੱਠ ਥਾਪੜਨਾ ਬੰਦ ਕਰੇ ਤੇ ਗ੍ਰਿਹ ਮੰਤਰਾਲਾਇਆ ਇੰਨ੍ਹਾ ਦੇ ਖਾਤਿਆਂ ਦੀ ਜਾਂਚ ਆਪਣੀ ਨਿਗਰਾਨੀ ਹੇਠ ਕਰਵਾਏ ਅਤੇ ਕੇਂਦਰ ਸਰਕਾਰ ਇਹੋ ਜਿਹੇ ਬੇਈਮਾਨਾਂ ਤੇ ਹੱਥ ਰੱਖਣਾ ਬੰਦ ਕਰ ਦੇਵੇ । ਉਨ੍ਹਾਂ ਕਿਹਾ ਕਿ ਪੰਥ ਇਸ ਸਮੇਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਵੀਂ ਸ਼ਹੀਦੀ ਸ਼ਤਾਬਦੀ ਮਨਾ ਰਿਹਾ ਹੈ ਪਰ ਕਮੇਟੀ ਪ੍ਰਬੰਧਕਾਂ ਕੋਲ ਇਸ ਲਈ ਕੋਈ ਰੋਡ ਮੈਪ ਹੀ ਨਹੀਂ ਹੈ ਜਿਸ ਨਾਲ ਕੌਮ ਨੂੰ ਇੰਨ੍ਹਾ ਵਲੋਂ ਉਲੀਕੇ ਗਏ ਪ੍ਰੋਗਰਾਮਾਂ ਬਾਰੇ ਕੁਝ ਪਤਾ ਲਗ ਸਕੇ । ਉਨ੍ਹਾਂ ਕਿਹਾ ਕਿ ਅਸੀਂ ਗਿਆਨੀ ਹਰਪ੍ਰੀਤ ਸਿੰਘ ਜਦੋ ਜੱਥੇਦਾਰ ਅਕਾਲ ਤਖਤ ਸਾਹਿਬ ਸਨ ਉਨ੍ਹਾਂ ਨੂੰ ਸਕੂਲਾਂ ਬਾਰੇ ਜਾਂਚ ਕਰਵਾਉਣ ਲਈ ਪੱਤਰ ਲਿਖਿਆ ਸੀ ਪਰ ਉਨ੍ਹਾਂ ਕੋਈ ਕਾਰਵਾਈ ਨਹੀਂ ਕੀਤੀ ਤੇ ਹੁਣ ਅਸੀਂ ਨਵੇਂ ਜੱਥੇਦਾਰ ਨੂੰ ਵੀਂ ਇਸ ਬਾਰੇ ਸ਼ਿਕਾਇਤ ਦਰਜ਼ ਕਰਵਾ ਕੇ ਕਾਰਵਾਈ ਕਰਣ ਲਈ ਅਪੀਲ ਕਰਾਂਗੇ।

**ਅਕਾਲ ਤਖਤ ਸਾਹਿਬ ਤੇ ਮਾਮਲੇ ਨੂੰ ਮੁੜ ਲੈ ਕੇ ਜਾਇਆ ਜਾਵੇਗਾ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਾਬਕਾ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ



**ਅੰਮ੍ਰਿਤਸਰ, 11 ਮਈ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਾਬਕਾ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਨੇ ਲੰਬਾ ਸਮਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੇਵਾ ਨਿਭਾਉਂਦਿਆਂ ਸੰਗਤਾਂ ਨੂੰ ਬਾਣੀ ਬਾਣੇ ਨਾਲ ਜੋੜਿਆ ਅਤੇ ਗੁਰੂ ਦਰਸਾਏ ਮਾਰਗ ਤੇ ਚੱਲਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਗਿਆਨੀ ਮੋਹਣ ਸਿੰਘ ਸਿਧਾਂਤਵਾਦੀ ਪੁਰਸ਼ ਸਨ, ਜੋ ਹਮੇਸ਼ਾ ਗੁਰੂ ਘਰ ਨੂੰ ਸਮਰਪਿਤ ਰਹੇ। ਉਨ੍ਹਾਂ ਨੇ ਆਪਣੀ ਨਿੱਜੀ ਜਾਇਦਾਦ ਵੀ ਸ੍ਰੀ ਦਰਬਾਰ ਸਾਹਿਬ ਦੇ ਨਾਮ ਕਰ ਦਿੱਤੀ ਸੀ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਜਿਹੀ ਸਖ਼ਸ਼ੀਅਤ ਦਾ ਚਲਾਣਾ ਪੂਰੇ ਵਿਸ਼ਵ ਦੀਆਂ ਸੰਗਤਾਂ ਲਈ ਵੱਡਾ ਘਾਟਾ ਹੈ ,ਜਿਸ ਦੀ ਪੂਰਤੀ ਨਹੀਂ ਹੋ ਸਕਦੀ। ਐਡਵੋਕੇਟ ਧਾਮੀ ਨੇ ਦਰਵੇਸ਼ ਪੁਰਸ਼ ਸਿੰਘ ਸਾਹਿਬ ਗਿਆਨੀ ਮੋਹਣ ਸਿੰਘ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਵੀ ਗਿਆਨੀ ਮੋਹਣ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਤੇ ਦੁੱਖ ਸਾਂਝਾ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ।

# ਮਹਾਰਾਸ਼ਟਰ ਸਰਕਾਰ ਸਰਹੱਦੀ ਚੈੱਕ ਪੋਸਟਾਂ ਨੂੰ ਕਰੇਗੀ ਬੰਦ, ਟ੍ਰਾਂਸਪੋਰਟ ਸੈਕਟਰ ਵਲੋਂ ਕੀਤਾ ਗਿਆ ਸਵਾਗਤ: ਬਲ ਮਲਕੀਤ ਸਿੰਘ



ਨਵੀਂ ਦਿੱਲੀ 11 ਮਈ (ਮਨਪ੍ਰੀਤ ਸਿੰਘ ਖਾਲਸਾ):- ਜੀਐਸਟੀ ਸ਼ਾਸਨ ਅਤੇ ਰਾਸ਼ਟਰੀ ਆਵਾਜਾਈ ਆਧੁਨਿਕੀਕਰਨ ਦੇ ਯਤਨਾਂ ਦੇ ਅਨੁਸਾਰ ਇੱਕ ਵੱਡੀ ਨੀਤੀ ਤਬਦੀਲੀ ਵਿੱਚ, ਮਹਾਰਾਸ਼ਟਰ ਸਰਕਾਰ ਨੇ ਰਾਜ ਭਰ ਵਿੱਚ ਸਾਰੀਆਂ ਸਰਹੱਦੀ ਚੈੱਕ ਪੋਸਟਾਂ (ਆਰਟੀਓ ਬਾਰਡਰ ਚੈੱਕ ਪੋਸਟਾਂ) ਨੂੰ ਸਥਾਈ ਤੌਰ 'ਤੇ ਬੰਦ ਕਰਨ ਦਾ ਫੈਸਲਾ ਕੀਤਾ ਹੈ। ਇਹ ਐਲਾਨ ਰਾਜ ਦੇ ਟਰਾਂਸਪੋਰਟ ਮੰਤਰੀ ਸ਼੍ਰੀ ਪ੍ਰਤਾਪ ਸਰਨਾਇਕ ਨੇ ਕੀਤਾ, ਜਿਨ੍ਹਾਂ ਨੇ ਪੁਸ਼ਟੀ ਕੀਤੀ ਕਿ ਟਰਾਂਸਪੋਰਟ ਵਿਭਾਗ ਨੇ ਸਾਰੀਆਂ ਪ੍ਰਸ਼ਾਸਕੀ ਰਸਮਾਂ ਨੂੰ ਪੂਰਾ ਕਰਨ ਤੋਂ ਬਾਅਦ ਮਾਨਯੋਗ ਮੁੱਖ ਮੰਤਰੀ ਨੂੰ ਇੱਕ ਸਕਾਰਾਤਮਕ ਪ੍ਰਸਤਾਵ ਸੌਂਪਿਆ ਹੈ। ਇਹ ਇਤਿਹਾਸਕ ਫੈਸਲਾ ਟਰਾਂਸਪੋਰਟ ਯੂਨੀਅਨਾਂ, ਹਿੱਸੇਦਾਰਾਂ ਅਤੇ ਕੇਂਦਰ ਸਰਕਾਰ ਦੁਆਰਾ ਵਾਰ-ਵਾਰ ਕੀਤੀਆਂ ਅਪੀਲਾਂ ਅਤੇ ਫਾਲੋ-ਅਪ ਦੇ ਜਵਾਬ ਵਿੱਚ ਆਇਆ ਹੈ। ਇਸ ਕਦਮ ਦਾ ਉਦੇਸ਼ ਅੰਤਰਰਾਜੀ ਆਵਾਜਾਈ ਵਿੱਚ ਰੁਕਾਵਟਾਂ ਨੂੰ ਦੂਰ ਕਰਨਾ, ਸੜਕ ਸੁਰੱਖਿਆ ਨੂੰ ਵਧਾਉਣਾ ਅਤੇ 'ਕਾਰੋਬਾਰ ਕਰਨ ਵਿੱਚ ਸੌਖ' ਦੇ ਢਾਂਚੇ ਦੇ ਅਨੁਸਾਰ ਇੱਕ ਕਾਗਜ਼ ਰਹਿਤ, ਤਕਨਾਲੋਜੀ- ਅਧਾਰਤ ਨਿਗਰਾਨੀ ਪ੍ਰਣਾਲੀ ਨੂੰ ਲਾਗੂ ਕਰਨਾ ਹੈ। ਪ੍ਰਕਿਰਿਆ ਦੇ ਹਿੱਸੇ ਵਜੋਂ, ਏਕੀਕ੍ਰਿਤ ਚੈੱਕ ਪੋਸਟਾਂ ਦੇ ਪ੍ਰਬੰਧਨ ਲਈ ਪਹਿਲਾਂ ਨਿਯੁਕਤ ਨਿੱਜੀ ਏਜੰਸੀ ਨੂੰ 504 ਕਰੋੜ ਰੁਪਏ ਦਾ ਮੁਆਵਜ਼ਾ ਦਿੱਤਾ ਜਾਵੇਗਾ, ਜਿਸ ਤੋਂ ਬਾਅਦ ਸਾਰਾ ਤਕਨੀਕੀ ਅਤੇ ਭੌਤਿਕ ਬੁਨਿਆਦੀ ਢਾਂਚਾ ਟਰਾਂਸਪੋਰਟ ਵਿਭਾਗ ਨੂੰ ਤਬਦੀਲ ਕਰ ਦਿੱਤਾ ਜਾਵੇਗਾ। ਆਲ ਇੰਡੀਆ ਮੋਟਰ ਟ੍ਰਾਂਸਪੋਰਟ ਕਾਂਗਰਸ ਦੇ ਸਲਾਹਕਾਰ ਅਤੇ ਸਾਬਕਾ ਪ੍ਰਧਾਨ, ਬਲ ਮਲਕੀਤ ਸਿੰਘ ਨੇ ਕਿਹਾ ਕਿ "ਅਸੀਂ ਮਹਾਰਾਸ਼ਟਰ ਸਰਕਾਰ ਦੇ ਇਸ ਲੰਬੇ ਸਮੇਂ ਤੋਂ ਉਡੀਕੇ ਜਾ ਰਹੇ ਅਤੇ ਬਹੁਤ ਜ਼ਰੂਰੀ ਫੈਸਲੇ ਦਾ ਸਵਾਗਤ ਕਰਦੇ ਹਾਂ। ਇਹ ਸਾਡੇ ਨਿਰੰਤਰ ਫਾਲੋ-ਅਪ, ਕਈ ਪ੍ਰਤੀਨਿਧਤਾਵਾਂ ਅਤੇ ਹਰ ਪੱਧਰ ਅਤੇ ਮੰਚ 'ਤੇ ਨਿਰੰਤਰ ਪਿੱਛਾ ਕਰਨ ਦਾ ਨਤੀਜਾ ਹੈ। ਆਰਟੀਓ ਸਰਹੱਦੀ ਚੈੱਕ ਪੋਸਟਾਂ ਦੇ ਸਥਾਈ ਬੰਦ ਹੋਣ ਨਾਲ ਸੜਕ ਆਵਾਜਾਈ ਖੇਤਰ ਨੂੰ ਬਹੁਤ ਲਾਭ ਹੋਵੇਗਾ, ਭ੍ਰਿਸ਼ਟਾਚਾਰ ਅਤੇ ਦੇਰੀ ਘੱਟ ਹੋਵੇਗੀ, ਅਤੇ ਮਹਾਰਾਸ਼ਟਰ ਨੂੰ ਡਿਜੀਟਲ ਅਤੇ ਨਿਰਵਿਘਨ ਆਵਾਜਾਈ ਕਾਰਜਾਂ ਦੇ ਪ੍ਰਗਤੀਸ਼ੀਲ ਦ੍ਰਿਸ਼ਟੀਕੋਣ ਨਾਲ ਜੋੜਿਆ ਜਾਵੇਗਾ। ਅਸੀਂ ਰਾਜ ਸਰਕਾਰ ਦੀ ਕਾਰਵਾਈ ਦੀ ਦਿਲੋਂ ਸ਼ਲਾਘਾ ਕਰਦੇ ਹਾਂ ਅਤੇ ਹੁਣ ਅਰਲੀਸਟ ਵਿਖੇ ਮਾਨਯੋਗ ਮੁੱਖ ਮੰਤਰੀ ਦੁਆਰਾ ਰਸਮੀ ਐਲਾਨ ਦੀ ਉਡੀਕ ਕਰਦੇ ਹਾਂ।

# ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਵੱਲੋਂ ਮੁੱਫਤ ਮੈਡੀਕਲ ਕੈਂਪ 18 ਮਈ ਨੂੰ ਅਗਰਵਾਲ ਭਵਨ, ਸੰਗਰੂਰ ਵਿਖੇ: ਰਾਜ ਕੁਮਾਰ ਅਰੋੜਾ

**ਸੰਗਰੂਰ, 11 ਮਈ (ਆਵਾਜ਼ਿ ਕੌਮ ਬਿਊਰੋ)**- ਸਮਾਜ ਸੇਵਾ, ਲੋਕ ਭਲਾਈ ਦੇ ਕੰਮਾਂ, ਬਜੁਰਗਾਂ ਅਤੇ ਪੈਨਸ਼ਨਰਾਂ ਦੇ ਸਤਿਕਾਰ ਨੂੰ ਸਮਰਪਿਤ ਵੱਖ-ਵੱਖ ਸਰਕਾਰੀ, ਅਰਧ-ਸਰਕਾਰੀ ਵਿਭਾਗਾਂ ਅਤੇ ਬੈਂਕਾਂ ਵਿੱਚੋਂ ਸੇਵਾ ਮੁੱਕਤ ਹੋਏ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸੁਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਨੇ ਜਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਐਸੋਸੀਏਸ਼ਨ ਦੇ ਮੁੱਖ ਅਹੁੱਦੇਦਾਰਾਂ ਦੀ ਇੱਕਤਰਤਾ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਐਸੋਸੀਏਸ਼ਨ ਵੱਲੋਂ ਸਮੇਂ-ਸਮੇਂ ਤੇ ਧਾਰਮਿਕ ਅਤੇ ਸਮਾਜਿਕ ਕੰਮ ਕੀਤੇ ਜਾ ਰਹੇ ਹਨ ਅਤੇ ਇਸ ਦੀ ਲਗਾਤਾਰਤਾ ਵਿੱਚ ਲੋਕਾਂ ਦੀ ਭਲਾਈ ਅਤੇ ਨਿਰੋਈ ਸਿਹਤ ਲਈ ਮੁੱਫਤ ਮੈਡੀਕਲ ਕੈਂਪ ਜੋ ਕਿ 18 ਮਈ ਦਿਨ ਐਂਤਵਾਰ ਨੂੰ ਸਵੇਰੇ 10:00 ਵਜੇ ਤੋਂ 01:30 ਵਜੇ ਤੱਕ ਸਥਾਨਕ ਅਗਰਵਾਲ ਭਵਨ ਵੱਡਾ ਚੌਂਕ ਸੁਨਾਮੀ ਗੇਟ ਵਿਖੇ ਲਗਾਇਆ ਜਾਵੇਗਾ। ਜਿਸ ਵਿੱਚ ਨੱਕ, ਕੰਨ ਗਲੇ ਦੀਆਂ ਬਿਮਾਰੀਆਂ ਦੇ ਮਾਹਿਰ ਡਾ. ਐਚ.ਐਸ.ਬਾਲੀ, ਐਮ.ਐਸ. (ਈ.ਐਨ.ਟੀ.), ਸਾਬਕਾ ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਅਤੇ ਹੱਡੀਆਂ ਦੇ ਰੋਗਾਂ ਦੇ ਮਾਹਿਰ ਡਾ. ਚਮਨਦੀਪ ਸਿੰਘ ਰੇਖੀ, ਐਮ.ਐਸ.(ਆਰਥੋ) ਮਰੀਜਾਂ ਦਾ ਚੈਕਅੱਪ ਕਰਨਗੇ ਅਤੇ ਲੋੜਵੰਦਾਂ ਦੀ ਦਵਾਈਆਂ ਵੀ ਮੁੱਫ਼ਤ ਦਿੱਤੀਆਂ ਜਾਣਗੀਆਂ। ਸ੍ਰੀ ਅਰੋੜਾ ਨੇ ਇਹ ਵੀ ਦੱਸਿਆ ਕਿ ਇਸ ਮੌਕੇ ਤੇ ਬਿਮਾਰੀਆਂ ਤੋਂ ਰਹਿਤ ਨਿਰੋਈ ਸਿਹਤ ਲਈ ਸੈਮੀਨਾਰ ਵੀ ਲਗਾਇਆ ਜਾਵੇਗਾ। ਇਸ ਮੌਕੇ ਤੇ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਵਾਇਸ ਚੇਅਰਮੈਨ ਲਾਲ ਚੰਦ ਸੈਣੀ, ਸੀਨੀਅਰ ਮੀਤ ਪ੍ਰਧਾਨ ਓ.ਪੀ. ਖਿੱਪਲ, ਕਰਨੈਲ ਸਿੰਘ ਸੇਖੋਂ, ਜਸਵੀਰ ਸਿੰਘ ਖ਼ਾਲਸਾ, ਕਿਸ਼ੋਰੀ ਲਾਲ, ਜਨਰਲ ਸਕੱਤਰ ਕੰਵਲਜੀਤ ਸਿੰਘ, ਡਾ. ਸੁਰਿਦੰਰ ਸ਼ੋਰੀ ਅਤੇ ਵਿਸ਼ੇਸ਼ ਤੌਰ ਤੇ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਜਿਲ੍ਹਾ ਜਨਰਲ ਸਕੱਤਰ ਦਰਸ਼ਨ ਸਿੰਘ ਨੋਰਥ ਅਤੇ ਦਿੜ੍ਹਬਾ ਦੇ ਪ੍ਰਧਾਨ ਦਰਸ਼ਨ ਸਿੰਘ ਰੋਗਲਾ ਵੀ ਮੌਜੂਦ ਸਨ।

### ਅੰਤਰਰਾਸ਼ਟਰੀ ਭਾਈਚਾਰੇ ਨੂੰ ਦੱਖਣੀ ਏਸ਼ੀਆ ਵਿੱਚ

# ਸ਼ਾਂਤੀ ਅਤੇ ਖੇਤਰੀ ਸਥਿਰਤਾ ਯਕੀਨੀ ਬਣਾਉਣੀ ਚਾਹੀਦੀ ਹੈ: ਸਿੱਖ ਫੈਡਰੇਸ਼ਨ ਇੰਟਰਨੈਸ਼ਨਲ




ਨਵੀਂ ਦਿੱਲੀ 11 ਮਈ (ਮਨਪ੍ਰੀਤ ਸਿੰਘ ਖਾਲਸਾ):- ਦੁਨੀਆ ਭਰ ਦੇ ਸਿੱਖ ਦੱਖਣੀ ਏਸ਼ੀਆ ਵਿੱਚ ਡੂੰਘੇ ਹੁੰਦੇ ਸੰਕਟ ਬਾਰੇ ਬਹੁਤ ਚਿੰਤਤ ਹਨ। ਭਾਰਤ ਅਤੇ ਪਾਕਿਸਤਾਨ ਵਿਚਕਾਰ ਹਿੰਸਾ ਦੇ ਵਧਣ ਨਾਲ ਬੇਗੁਨਾਹ ਨਾਗਰਿਕ ਮਾਰੇ ਗਏ ਹਨ, ਅਤੇ ਸਿੱਖ ਲੋਕਾਂ ਨੂੰ ਪੰਜਾਬ ਵਿੱਚ ਫੌਜੀ ਟਕਰਾਅ ਦੀ ਪਹਿਲੀ ਕਤਾਰ ਵਿੱਚ ਰੱਖਿਆ ਗਿਆ ਹੈ। ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਨੇ ਅੰਤਰਰਾਸ਼ਟਰੀ ਭਾਈਚਾਰੇ ਦੇ ਵੱਖ-ਵੱਖ ਹਿੱਸੇਦਾਰਾਂ ਨੂੰ ਪੱਤਰ ਲਿਖ ਕੇ ਇਸ ਖੇਤਰ ਲਈ ਨਿਆਂ, ਮਾਣ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣ ਲਈ ਬਹੁਪੱਖੀ ਸ਼ਮੂਲੀਅਤ ਦੀ ਤੁਰੰਤ ਲੋੜ ਨੂੰ ਉਠਾਇਆ ਹੈ। ਜਦੋਂ ਤੋਂ ਤਣਾਅ ਮੁੜ ਸ਼ੁਰੂ ਹੋਇਆ ਹੈ, ਸਿੱਖਾਂ ਨੇ ਸਪੱਸ਼ਟ ਤੌਰ 'ਤੇ ਦੁਹਰਾਇਆ ਹੈ ਕਿ ਭਾਈਚਾਰਾ ਆਉਣ ਵਾਲੇ ਟਕਰਾਅ ਵਿੱਚ ਨਿਰਪੱਖ ਰਹੇਗਾ ਅਤੇ ਭਾਰਤ ਦੀਆਂ ਸਾਮਰਾਜੀ ਇੱਛਾਵਾਂ ਦੀ ਪੂਰਤੀ ਲਈ ਸਾਧਨ ਬਣਨ ਤੋਂ ਸਪੱਸ਼ਟ ਤੌਰ 'ਤੇ ਇਨਕਾਰ ਕਰ ਦਿੱਤਾ ਹੈ। ਸਿੱਖ ਭਾਈਚਾਰਾ ਕਈ ਸਿੱਖਾਂ ਸਮੇਤ ਨਾਗਰਿਕਾਂ ਦੀ ਮੌਤ, ਅਤੇ ਨਾਲ ਹੀ ਭਾਰਤੀ ਅਤੇ ਪਾਕਿਸਤਾਨੀ ਫੌਜਾਂ ਵਿਚਕਾਰ ਗੋਲੀਬਾਰੀ ਵਿੱਚ ਗੁਰਦੁਆਰਿਆਂ ਨੂੰ ਹੋਏ ਨੁਕਸਾਨ ਤੋਂ ਬਹੁਤ ਦੁਖੀ ਹੈ। ਅਸੀਂ ਖਾਸ ਤੌਰ 'ਤੇ ਉਨ੍ਹਾਂ ਰਿਪੋਰਟਾਂ ਤੋਂ ਚਿੰਤਤ ਹਾਂ ਕਿ ਸਿੱਖ ਧਰਮ ਦੇ ਸੰਸਥਾਪਕ ਗੁਰੂ ਨਾਨਕ ਸਾਹਿਬ ਦੇ ਜਨਮ ਸਥਾਨ ਨਨਕਾਣਾ ਸਾਹਿਬ ਦੇ ਨੇੜੇ ਇੱਕ ਭਾਰਤੀ ਡਰੋਨ ਦੇਖਿਆ ਗਿਆ ਸੀ। ਇਤਿਹਾਸਕ ਤੌਰ 'ਤੇ, 1947 ਵਿੱਚ ਪੰਜਾਬ ਦੀ ਬਸਤੀਵਾਦੀ ਵੰਡ ਤੋਂ ਬਾਅਦ ਦੱਖਣੀ ਏਸ਼ੀਆ ਨੂੰ ਪ੍ਰਭਾਵਿਤ ਕਰਨ ਵਾਲੇ ਭੂ-ਰਾਜਨੀਤਿਕ ਬਦਲਾਅ ਵਿੱਚ ਸਿੱਖਾਂ ਨੂੰ ਲਗਾਤਾਰ ਹਾਸ਼ੀਏ 'ਤੇ ਧੱਕਿਆ ਗਿਆ ਹੈ। ਉਦੋਂ ਤੋਂ, ਸਿੱਖਾਂ ਨੂੰ ਯੋਜਨਾਬੱਧ ਢੰਗ ਨਾਲ ਅਰਥਪੂਰਨ ਖੁਦਮੁਖਤਿਆਰੀ ਜਾਂ ਸਵੈ-ਨਿਰਣੇ ਤੋਂ ਇਨਕਾਰ ਕੀਤਾ ਗਿਆ ਹੈ, ਅਤੇ ਇਸ ਦੀ ਬਜਾਏ, ਭਾਰਤੀ ਰਾਜ ਦੁਆਰਾ ਭਿਆਨਕ ਦੁਰਵਿਵਹਾਰ, ਮਨੁੱਖਤਾ ਵਿਰੁੱਧ ਅਪਰਾਧਾਂ ਅਤੇ ਨਸਲਕੁਸ਼ੀ ਦਾ ਸ਼ਿਕਾਰ ਬਣਾਇਆ ਗਿਆ ਹੈ। ਮੌਜੂਦਾ ਫੌਜੀ ਟਕਰਾਅ ਦੇ ਮੱਦੇਨਜ਼ਰ, ਪੰਜਾਬ ਵਿੱਚ ਇੱਕ ਸੁਤੰਤਰ ਸਿੱਖ ਵਤਨ, ਖਾਲਿਸਤਾਨ, ਜਾਂ ਸ਼ਾਂਤੀ ਦੀ ਵਕਾਲਤ ਕਰਨ ਵਾਲੇ ਸਿੱਖਾਂ ਨੂੰ ਭਾਰਤ ਸਰਕਾਰ ਵੱਲੋਂ ਮਨਮਾਨੇ ਢੰਗ ਨਾਲ ਨਜ਼ਰਬੰਦੀ ਅਤੇ ਹੋਰ ਸੰਭਾਵੀ ਐਮਰਜੈਂਸੀ ਉਪਾਵਾਂ ਦੇ ਵਧਦੇ ਖ਼ਤਰਿਆਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ। ਦੱਖਣੀ ਏਸ਼ੀਆ ਪੂਰੇ ਖੇਤਰ ਵਿੱਚ ਗੁੰਝਲਦਾਰ ਤੌਰ 'ਤੇ ਆਪਸ ਵਿੱਚ ਜੁੜੇ ਧਾਰਮਿਕ, ਸੱਭਿਆਚਾਰਕ, ਭਾਸ਼ਾਈ ਅਤੇ ਨਸਲੀ ਵਿਭਿੰਨਤਾ ਦਾ ਇੱਕ ਵਿਲੱਖਣ ਮਿਸ਼ਰਣ ਦਰਸਾਉਂਦਾ ਹੈ। ਮੌਜੂਦਾ ਟਕਰਾਅ ਦੀਆਂ ਜੜ੍ਹਾਂ ਬਹੁਗਿਣਤੀ ਰਾਸ਼ਟਰਵਾਦ ਦੇ ਅਧਾਰ ਤੇ ਨਕਲੀ ਰੇਖਾਵਾਂ ਦੇ ਨਾਲ ਖੇਤਰ ਦੀ ਵੰਡ ਵਿੱਚ ਹਨ, ਨਾਲ ਹੀ ਭਾਰਤ ਦੁਆਰਾ ਘੱਟ ਗਿਣਤੀ ਸਮੂਹਾਂ ਨੂੰ ਜ਼ਬਰਦਸਤੀ ਆਪਣੀਆਂ ਸਰਹੱਦਾਂ ਦੇ ਅੰਦਰ ਸੀਮਤ ਕਰਨ ਦੇ ਬਾਅਦ ਦੇ ਦ੍ਰਿੜ ਇਰਾਦੇ ਵਿੱਚ ਹਨ। ਇਸ ਦ੍ਰਿਸ਼ ਵਿੱਚ ਸਥਿਰਤਾ ਅਤੇ ਸਥਾਈ ਸ਼ਾਂਤੀ ਨੂੰ ਯਕੀਨੀ ਬਣਾਉਣ ਦਾ ਇੱਕੋ ਇੱਕ ਤਰੀਕਾ ਹੈ ਕਿ ਇਹਨਾਂ ਭਾਈਚਾਰਿਆਂ ਨੂੰ ਅਸਲ ਬਹੁਲਵਾਦ, ਲੋਕਤੰਤਰੀ ਸਿਧਾਂਤਾਂ ਅਤੇ ਬੁਨਿਆਦੀ ਮਨੁੱਖੀ ਅਧਿਕਾਰਾਂ ਦੇ ਅਧਾਰ ਤੇ ਖੇਤਰ ਨੂੰ ਜੈਵਿਕ ਤੌਰ 'ਤੇ ਪੁਨਰਗਠਨ ਕਰਨ ਦੀ ਆਗਿਆ ਦਿੱਤੀ ਜਾਵੇ, ਜਿਸ ਵਿੱਚ ਸਵੈ-ਨਿਰਣੇ ਦਾ ਅਧਿਕਾਰ ਵੀ ਸ਼ਾਮਲ ਹੈ। ਇਸ ਹਫ਼ਤੇ ਭਾਰਤ ਦੇ ਇਕਪਾਸੜ ਹਮਲੇ ਇੱਕ ਅੰਤਰਰਾਸ਼ਟਰੀ ਕਤਲ ਪ੍ਰੋਗਰਾਮ ਤੋਂ ਪਹਿਲਾਂ ਹੋਏ ਸਨ ਜੋ ਰਾਜ ਦੀ ਪ੍ਰਭੂਸੱਤਾ ਦੇ ਮੂਲ ਸਿਧਾਂਤਾਂ ਅਤੇ ਸੰਯੁਕਤ ਰਾਸ਼ਟਰ ਚਾਰਟਰ ਦੀ ਉਲੰਘਣਾ ਕਰਦਾ ਸੀ। ਜਿਵੇਂ ਕਿ ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਪ੍ਰੀਸ਼ਦ ਦੁਆਰਾ ਦਸਤਾਵੇਜ਼ੀ ਤੌਰ 'ਤੇ ਦਰਜ ਕੀਤਾ ਗਿਆ ਹੈ, ਭਾਰਤ ਨੇ ਦੁਨੀਆ ਭਰ ਦੇ ਸਿੱਖ ਆਗੂਆਂ ਨੂੰ ਨਿਸ਼ਾਨਾ ਬਣਾਇਆ, ਜਿਸਦਾ ਸਿੱਟਾ 18 ਜੂਨ, 2023 ਨੂੰ ਕੈਨੇਡੀਅਨ ਧਰਤੀ 'ਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਨਾਲ ਹੋਇਆ। ਇਸੇ ਤਰ੍ਹਾਂ, ਪਾਕਿਸਤਾਨ ਵਿੱਚ ਭਾਰਤ ਦੇ ਹਮਲਿਆਂ ਨੇ "ਅੱਤਵਾਦ ਵਿਰੋਧੀ" ਦੀ ਬਿਆਨਬਾਜ਼ੀ ਦੀ ਵਰਤੋਂ ਕੀਤੀ ਜਦੋਂ ਕਿ ਇਸਨੇ ਬਿਨਾਂ ਸ਼ੱਕ ਧਾਰਮਿਕ ਸਥਾਨਾਂ ਅਤੇ ਘਰਾਂ ਨੂੰ ਨਿਸ਼ਾਨਾ ਬਣਾ ਕੇ ਆਮ ਨਾਗਰਿਕਾਂ, ਜਿਨ੍ਹਾਂ ਵਿੱਚ ਔਰਤਾਂ ਅਤੇ ਬੱਚੇ ਸ਼ਾਮਲ ਸਨ, ਨੂੰ ਮਾਰਿਆ। ਭਾਰਤ ਦੀਆਂ ਕਾਰਵਾਈਆਂ ਨਾ ਸਿਰਫ਼ ਅੰਤਰਰਾਸ਼ਟਰੀ ਕਾਨੂੰਨੀ ਨਿਯਮਾਂ ਦੀ ਉਲੰਘਣਾ ਕਰਦੀਆਂ ਹਨ, ਸਗੋਂ ਭਾਰਤ ਦੇ ਡੂੰਘੇ ਹੋ ਰਹੇ ਤਾਨਾਸ਼ਾਹੀ ਅਤੇ ਖੇਤਰੀ ਸ਼ਾਂਤੀ ਨੂੰ ਕਮਜ਼ੋਰ ਕਰਨ ਵਿੱਚ ਇਸਦੀ ਭੂਮਿਕਾ ਨੂੰ ਵੀ ਬੇਨਕਾਬ ਕਰਦੀਆਂ ਹਨ। ਮੌਜੂਦਾ ਸੰਕਟ ਅੰਤਰਰਾਸ਼ਟਰੀ ਕਾਨੂੰਨ ਦੇ ਬੁਨਿਆਦੀ ਸਿਧਾਂਤਾਂ ਨੂੰ ਬਣਾਈ ਰੱਖਣ ਅਤੇ ਅੰਤ ਵਿੱਚ, ਹੋਰ ਵਧਣ ਤੋਂ ਰੋਕਣ ਲਈ ਸਰਗਰਮ ਅੰਤਰਰਾਸ਼ਟਰੀ ਕੂਟਨੀਤੀ ਦੀ ਮਹੱਤਵਪੂਰਨ ਜ਼ਰੂਰਤ ਨੂੰ ਉਜਾਗਰ ਕਰਦਾ ਹੈ। ਇਹ ਜ਼ਰੂਰੀ ਹੈ ਕਿ ਅੰਤਰਰਾਸ਼ਟਰੀ ਭਾਈਚਾਰਾ ਵੰਡ ਦੇ ਲੰਬੇ ਸਮੇਂ ਦੇ ਰਾਜਨੀਤਿਕ ਵਿਵਾਦਾਂ ਦੇ ਸਥਾਈ ਹੱਲ ਦੀ ਵਕਾਲਤ ਕਰੇ ਅਤੇ ਲੰਬੇ ਸਮੇਂ ਦੀ ਖੇਤਰੀ ਸ਼ਾਂਤੀ ਲਈ ਇੱਕ ਜ਼ਰੂਰੀ ਸ਼ਰਤ ਵਜੋਂ ਸਾਰੀਆਂ ਘੱਟ ਗਿਣਤੀਆਂ ਦੇ ਅਧਿਕਾਰਾਂ ਅਤੇ ਸਨਮਾਨ ਦੀ ਗਰੰਟੀ ਦੇਵੇ। ਇਸ ਭਾਵਨਾ ਵਿੱਚ, ਅਸੀਂ ਅੰਤਰਰਾਸ਼ਟਰੀ ਭਾਈਚਾਰੇ ਦੇ ਜ਼ਿੰਮੇਵਾਰ ਮੈਂਬਰਾਂ ਨੂੰ ਬੇਨਤੀ ਕਰਦੇ ਹਾਂ ਕਿ: ਭਾਰਤੀ ਪ੍ਰੌਕਸੀਆਂ ਅਤੇ ਗਲਤ ਜਾਣਕਾਰੀ ਵਾਲੇ ਨੈੱਟਵਰਕਾਂ ਨੂੰ ਦੇਸ਼ ਜਾਂ ਵਿਦੇਸ਼ ਵਿੱਚ ਭਾਈਚਾਰਿਆਂ ਨੂੰ ਧਰੁਵੀਕਰਨ ਕਰਨ ਦੇ ਉਦੇਸ਼ ਨਾਲ ਜ਼ਹਿਰੀਲੇ ਇਸਲਾਮੋਫੋਬਿਕ ਬਿਰਤਾਂਤਾਂ ਨੂੰ ਵਧਾਉਣ ਤੋਂ ਰੋਕਣ ਲਈ ਕਦਮ ਚੁੱਕਣ; ਸਾਰੀਆਂ ਧਿਰਾਂ ਨੂੰ ਨਾਗਰਿਕਾਂ, ਸਿੱਖ ਗੁਰਦੁਆਰਿਆਂ, ਸੱਭਿਆਚਾਰਕ ਵਿਰਾਸਤ ਸਥਾਨਾਂ ਸਮੇਤ, ਅਤੇ ਸਰਹੱਦ ਦੇ ਦੋਵੇਂ ਪਾਸੇ ਸਾਰੇ ਪੂਜਾ ਸਥਾਨਾਂ ਦੀ ਸੁਰੱਖਿਆ ਅਤੇ ਅਖੰਡਤਾ ਨੂੰ ਬਣਾਈ ਰੱਖਣ ਲਈ ਵਚਨਬੱਧ ਹੋਣ ਦਾ ਸੱਦਾ; ਦੁਸ਼ਮਣੀ ਨੂੰ ਤੁਰੰਤ ਬੰਦ ਕਰਨ ਦੀ ਅਪੀਲ ਕਰੋ ਅਤੇ ਅੰਤਰੀਵ ਰਾਜਨੀਤਿਕ ਵਿਵਾਦਾਂ ਨੂੰ ਕੂਟਨੀਤਕ ਤੌਰ 'ਤੇ ਹੱਲ ਕਰਨ ਲਈ ਅੰਤਰਰਾਸ਼ਟਰੀ ਵਿਚੋਲਗੀ ਲਈ ਜ਼ੋਰਦਾਰ ਵਕਾਲਤ ਕਰੋ, ਜਿਸ ਵਿੱਚ ਕਸ਼ਮੀਰ ਦੀ ਰਾਜਨੀਤਿਕ ਸਥਿਤੀ ਅਤੇ ਪੰਜਾਬ ਵਿੱਚ ਸਿੱਖ ਸਵੈ-ਨਿਰਣੇ ਦੇ ਅਧਿਕਾਰ ਸ਼ਾਮਲ ਹਨ; ਅਤੇ ਇਹ ਯਕੀਨੀ ਬਣਾਇਆ ਜਾਏ ਕਿ ਮੌਜੂਦਾ ਖੇਤਰੀ ਤਣਾਅ ਨੂੰ ਹੱਲ ਕਰਨ ਦੇ ਉਦੇਸ਼ ਨਾਲ ਕਿਸੇ ਵੀ ਬਹੁਪੱਖੀ ਵਿਚਾਰ-ਵਟਾਂਦਰੇ ਵਿੱਚ ਸਿੱਖ ਪ੍ਰਤੀਨਿਧੀਆਂ ਨੂੰ ਸ਼ਾਮਲ ਕੀਤਾ ਜਾਵੇ, ਸਿੱਖ ਲੋਕਾਂ ਨੂੰ ਕਿਸੇ ਵੀ ਸਥਾਈ ਹੱਲ ਵਿੱਚ ਸਿੱਧੇ ਹਿੱਸੇਦਾਰ ਵਜੋਂ ਮਾਨਤਾ ਦਿੱਤੀ ਜਾਵੇ। ਸਿੱਖ ਲੋਕ ਕਿਸੇ ਵੀ ਖੇਤਰੀ ਟਕਰਾਅ ਦੇ ਨਤੀਜਿਆਂ ਨੂੰ ਜ਼ਿੰਮੇਵਾਰੀ ਨਾਲ ਨੈਵੀਗੇਟ ਕਰਨ ਅਤੇ ਘਟਾਉਣ ਲਈ ਖੇਤਰੀ ਅਤੇ ਵਿਸ਼ਵਵਿਆਪੀ ਹਿੱਸੇਦਾਰਾਂ ਨਾਲ ਨੇੜਿਓਂ ਤਾਲਮੇਲ ਕਰਨ ਲਈ ਤਿਆਰ ਰਹਿੰਦੇ ਹਨ।

### ਏ.ਸੀ.ਪੀ ਨੌਰਥ ਆਈ.ਪੀ.ਐਸ. ਰਿਸ਼ਭ ਭੋਲਾ ਦੀ ਨਿਗਰਾਨੀ ਹੇਠ

# ਥਾਣਾ ਸਦਰ ਦੇ ਐੱਸ.ਐਚ.ਓ, ਇੰਸਪੈਕਟਰ ਹਰਿੰਦਰ ਸਿੰਘ ਵੱਲੋਂ ਕਤਲ ਦੇ ਕੇਸ ਨੂੰ ਟਰੇਸ ਕਰਦਿਆਂ ਹੋਇਆਂ 3 ਦੋਸ਼ੀ ਵਾਰਦਾਤ ਸਮੇਂ ਵਰਤਿਆ ਪਿਸਟਲ ਤੇ ਮੋਟਰਸਾਈਕਲ ਸਮੇਤ ਗ੍ਰਿਫਤਾਰ





## ਡੀਸੀਪੀ ਲਾਅ ਐਂਡ ਆਰਡਰ ਆਲਮ ਵਿਜੈ ਸਿੰਘ ਵੱਲੋ ਪ੍ਰੈੱਸ ਕਾਨਫਰੰਸ ਕਰਕੇ ਪੱਤਰਕਾਰਾਂ ਨੂੰ ਦਿੱਤੀ ਗਈ ਜਾਣਕਾਰੀ

ਅੰਮ੍ਰਿਤਸਰ, 11 ਮਈ (ਆਵਾਜ਼ਿ ਕੌਮ ਬਿਊਰੋ)- ਗੁਰਪ੍ਰੀਤ ਸਿੰਘ ਭੁੱਲਰ, ਆਈ.ਪੀ.ਐਸ ਕਮਿਸ਼ਨਰ ਪੁਲਿਸ,ਅੰਮ੍ਰਿਤਸਰ ਦੀਆਂ ਹਦਾਇਤਾਂ ਤੇ ਆਲਮ ਵਿਜੈ ਸਿੰਘ, ਡੀ.ਸੀ.ਪੀ ਲਾਅ ਐਂਡ ਆਰਡਰ,ਅੰਮ੍ਰਿਤਸਰ ਅਤੇ ਸਿਰੀਵੱਨੇਲਾ, ਆਈ.ਪੀ.ਐਸ, ਏ.ਡੀ.ਸੀ.ਪੀ ਸਿਟੀ-2, ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਤੇ ਰਿਸ਼ਭ ਭੋਲਾ, ਆਈ.ਪੀ.ਐਸ, ਏ.ਸੀ.ਪੀ ਨੌਰਥ,ਅੰਮ੍ਰਿਤਸਰ ਦੀ ਨਿਗਰਾਨੀ ਹੇਠ ਮੁੱਖ ਅਫ਼ਸਰ ਥਾਣਾ ਸਦਰ,ਅੰਮ੍ਰਿਤਸਰ ਇੰਸਪੈਕਟਰ ਹਰਿੰਦਰ ਸਿੰਘ ਸਮੇਤ ਸਾਥੀ ਪੁਲਿਸ ਪਾਰਟੀ ਵੱਲੋਂ ਮੁਕੱਦਮਾਂ ਨੰਬਰ 48 ਮਿਤੀ 13-04-2025 ਜ਼ੁਰਮ 103 (1).61 (2), 253 (8), 190, 191 (3) **BNS**, 25 **Arms Act** ਥਾਣ ਸਦਰ ਵਿਖੇ ਦਰਜ ਨੂੰ ਟਰੇਸ ਕਰਨ ਵਿੱਚ ਸਫਲਤਾਂ ਹਾਸਲ ਕੀਤੀ ਹੈ। ਗ੍ਰਿਫ਼ਤਾਰ ਦੋਸੀ ਅਮਨਪ੍ਰੀਤ ਸਿੰਘ ਉਰਫ ਬੱਬਲੂ ਦੇ ਭਤੀਜ਼ੇ ਹਰਸਬੀਰ ਸਿੰਘ ਉਰਫ ਅੰਸ ਨੂੰ ਮ੍ਰਿਤਕ ਲਵ ਤੇ ਉਸਦੇ ਸਾਥੀਆਂ ਨੇ ਸੱਟਾਂ ਲਗਾਈਆਂ ਸਨ। ਜਿਸਦਾ ਬਦਲਾ ਲੈਣ ਲਈ ਦੋਸ਼ੀ ਅਮਨਪ੍ਰੀਤ ਸਿੰਘ ਉਰਫ ਬੱਬਲੂ ਨੇ ਆਪਣੇ ਹੋਰ ਸਾਥੀਆਂ ਨਾਲ ਮਿਲ ਕੇ ਮ੍ਰਿਤਕ ਲਵ ਦੀ ਰੈਕੀ ਕਰਕੇ ਸਮੇਂ ਆਉਂਦੇ ਹੀ ਸਮਾਇਲ ਇੰਨਕਲੇਵ ਦੇ ਅੰਦਰ ਜਾ ਕੇ ਗੋਲੀਆਂ ਮਾਰ ਕੇ ਲਵ ਨੂੰ ਮਾਰ ਦਿੱਤਾ। ਇਸ ਮੌਕੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਡੀਸੀਪੀ ਲਾਅ ਐਂਡ ਆਰਡਰ ਸ੍ਰੀ ਆਲਮ ਵਿਜੈ ਸਿੰਘ ਨੇ ਕਿਹਾ ਕ੍ਰਾਈਮ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ ਵਿੱਚ ਬਖਸ਼ਿਆ ਨਹੀਂ ਜਾਵੇਗਾ।

## 'ਮਾਂ ਦਿਵਸ 'ਤੇ ਖਾਸ'



ਅੱਲਾ, ਰਾਮ, ਵਾਹਿਗੁਰੂ ,ਸਭ ਤੇਰੇ ਨਾਮ
ਤੂੰ ਹੀ ਕਰਤਾ ,ਤੂੰ ਹੀ ਸਿਰਜਣਹਾਰ ।
ਜਿਸ ਨੇ ਸਿਰਜੀ ,ਧਰਤੀ ਮਾਂ,ਮੈਂ ਜਾਵਾਂ ਤੇਰੇ ਬਲਿਹਾਰ ।
ਇਸ ਸ੍ਰਿਸ਼ਟੀ ਨੂੰ ਸਾਜਣ ਲਈ ,ਸਿਰਜੀ ਇਕ ਅਨੋਖੀ ਮਾਂ ।
ਇਹ ਧਰਤੀ ਸੁੰਨੀ ਜਿਹੀ ਦਿਸਦੀ, ਜੇ ਨਾ ਹੁੰਦੀ ਇਥੇ ਮਾਂ ।
ਮਾਂ ਬਿਨਾ ਨਹੀ ਨਾਨਕੇ ਬਣਦੇ, ਨਾ ਹੁੰਦੀ ਇਹ ਠੰਡੀ ਛਾਂ ,
ਸਦੀਆਂ ਤੋਂ ਮਾਂ ਰੁਲਦੀ ਆਈ ,ਕਦੀ ਗੁਲਾਮ ਬਣਾ, ਪਾ ਨੱਥਾ ਧੂਈ
ਸ਼ਰੇ ਬਾਜ਼ਾਰਾਂ, ਬੋਲੀ ਹੋਈ ,ਕਦੀ ਪੈਰ ਦੀ , ਜੁੱਤੀ ਅਖਵਾਈ ।
ਬਾਬੇ ਨਾਨਕ ਦਾ ,ਮੈ ਕਰਜਦਾਰ ਹਾਂ ,ਜਿਸਨੇ ਮਾਂ ਦੀ ਉਸਤਤ ਗਾਈ
ਔਰਤ ਜਗਦੀ ਜਨ੍ਹਨੀ ਲੋਕੋ,ਇਸ ਨੂੰ ਕਰੋ ਰੋਜ਼ ਸਲਾਮ।
ਸੋ ਕਿਉ ਮੰਦਾ ਆਖੀਐ,ਜਿਸ ਜੰਮੈ ਰਾਜਾਨ ।
ਅੱਜ ਜਮਾਨਾ ਬਦਲ ਗਿਆ ਹੈ, ਉਸਦਾ ਕਿਰਦਾਰ ਬਦਲ ਗਿਆ ਹੈ ।
ਅੱਜ ਉਹ ਘਰ ਦੀਆਂ ਕੰਧਾਂ ,ਚ ਕੈਦ ਨਹੀਂ ਹੈ।
ਕੰਧੇ ਨਾਲ ਕੰਧਾ ਲਾ ਕੰਮ ਹੈ ਕਰਦੀ, ਹੁਣ ਉਹ ਮੁਥਾਜ ਨਹੀਂ ਹੈ ।
ਸਮਾਜ ਬਦਲਿਆ,ਤੌਰ ਤਰੀਕੇ ਬਦਲੇ ,ਅਨਪੜਤਾ ਪੜਤਾ ਵਿੱਚ ਬਦਲੀ।
ਚੱਲਣ ਫਿਰਨ ਦੇ ਅੰਦਾਜ ਵੀ ਬਦਲੇ ,ਪਰ ਨਹੀਂ ਬਦਲੀ, ਸੋਚ ਬੰਦੇ ਦੀ ।
ਅੱਜ ਵੀ ਹਵਸ ਦੀ, ਸ਼ਿਕਾਰ ਹੁੰਦੀ ਹੈ,ਵਿਚ ਬਾਜ਼ਾਰਾਂ ਸ਼ਰਮਸਾਰ ਹੁੰਦੀ ਹੈ ।
ਪੜੇ ਲਿਖੇ ਸਮਾਜ ਦੇ ਅੰਦਰ , ਮਹਿਫਲਾਂ ਦਾ ਸ਼ਿੰਗਾਰ ਹੁੰਦੀ ਹੈ ।
ਮਜਬੂਰੀ ਦੀਆਂ ਕੰਧਾਂ ਖੜੀਆਂ , ਪੈਸੇ ਲਈ ਦੋ ਚਾਰ ਹੁੰਦੀ ਹੈ ।
ਉਹ ਵੀ ਕਿਸੇ ਦੀ ਮਾਂ ਹੋਵੇਗੀ , ਅੱਜ ਨਹੀਂ ਤਾਂ ਕੱਲ ਹੋਵੇਗੀ ,
ਕਿਹੋ ਜਿਹਾ ਅਸੀਂ ਸਮਾਜ ਬਣਾਵਾਂਗੇ , ਕਿਥੋਂ ਮਾਤਾ ਭਾਗੋ ਲੱਭ ਲਿਆਵਾਂਗੇ ।
ਝਾਂਸੀ ਦੀ ਰਾਣੀ ਕਿੱਥੋਂ ਆਏਗੀ ,ਮੁਸ਼ਿਕਲ ਵਿਚ ਖੰਡਾ ਕਿਵੇਂ ਖੜਕਾਏਗੀ ।
ਲੋੜ ਹੈ ਇੰਡੀਆ ਵਾਲੇਓ ਸੋਚ ਨੂੰ ਬਦਲੋ,ਨਰਮ ਕਨੂੰਨਾਂ ਨੂੰ ਫਾਂਸੀ ਵਿੱਚ ਬਦਲੋ ।
ਕੋਈ ਹੋਰ ਨਿਰਭਆ ਨੋਚੀ ਨਾ ਜਾਏ ।
ਕੋਈ ਗਰੀਬ ਕਨਿਆਂ, ਹਵਸਾਂ ਦੀ ਸ਼ਿਕਾਰ ਨਾ ਹੋਵੇ ।
ਕਿਧਰੇ ਮਾਰ ਕੇ ,ਟੰਗੀ ਨਾ ਜਾਏ
ਇਹ ਰੋਜ ਦੀਆਂ ਖਬਰਾਂ ਕਲੰਕ ਹੈ ਯਾਰੋ,ਸਾਰੇ ਰਲ ਕੇ ਹਲਾ ਮਾਰੋ ।
ਕਹੋ ਸਰਕਾਰਾਂ ਨੂੰ ,ਛੇਤੀ ਜਾਗਣ,ਮਾਵਾਂ ਦੇ ਹੱਕ ਚ ਨਾਹਰਾ ਮਾਰੋ ।
ਧੀਆਂ ਨੂੰ ਵਿਦਿਆ ਦਾ ਚਾਨਣ ਦੇ ਕੇ ,ਸਮਾਜ, ਚ ਬਰਾਬਰੀ ਤੇ ਖਲਿਆਰੋ ,
ਤਦ ਹੀ ਮਾਂ ,ਮਾਂ ਰਹੇਗੀ, ਤਦ ਹੀ ਮਾਂ ਛਾਂ ਰਹੇਗੀ।
ਮਾਂ ਦਾ ਰੁਤਬਾ ਸਭ ਤੋਂ ਉੱਚਾ,ਜੇਕਰ ਮਾਂ ਮਹਿਫੂਜ ਰਹੇਗੀ।
ਅੱਜ ਦੀ ਕੰਨਿਆ , ਕੱਲ ਦੀ ਮਾਂ ਜੇ ਚਾਹੁੰਦੇ ਹੋ ਠੰਡੀ ਛਾਂ ।
ਤਾਂ ਸਾਂਭੋ ਰਲ ਕੇ ਅੱਜ ਦੀ ਮਾਂ।
ਮਾਂ ਇਕੱਲਾ ,ਸਰੀਰ ਨਹੀਂ ਹੈ ।
ਮਾਂ ਤਾ ਰੱਬ ਦਾ ਸਰੂਪ ਹੈ ,ਫਰਿਸ਼ਤਾ ਹੈ, ਇਸਦਾ ਕਿਰਦਾਰ ਅਨੂਪ ਹੈ ।
ਇਸ ਦੀ ਬਦੌਲਤ ਜਗ ਆਬਾਦ ਹੈ।
ਜੇ ਮਾਂ ਬੇਦਾਗ ਹੈ ,ਜਗਦੀ ਜਨ੍ਹਨੀ ਆਬਾਦ ਹੈ ।
ਫਿਰ ਨਿਰੋਇਆ ਸਮਾਜ ਹੋਏਗਾ ਮਾਂ ਦੀ ਮਹਿਮਾ ਤਾਂ,
ਕਿਸ਼ਨਪੁਰੀ ,ਸਮਾਜ ਦੇ ਸਿਰ ਤੇ ਤਾਜ ਹੋਹੋਏਗਾ।
ਨਹੀਂ ਹੋਣਗੀਆਂ ਵੈਰਾਗੀ ਚੀਕਾਂ।
ਖੁਸ਼ੀਆਂ ਦਾ ਪ੍ਰਕਾਸ਼ ਹੋਏਗਾ ਹਰ ਘਰ ਵਿੱਚ,
ਹੋਓ ਰੋਸ਼ਨੀ ,ਜਗਦਾ ਘਰ ਚ,'ਚਿਰਾਗ ਹੋਏਗਾ ।
ਮਾਂ ਦੇ ਪੈਰੀ ਜੰਤਨ ਹੋਏਗੀ ,ਸਿਰ ਤੇ ਘਰ ਦਾ ਤਾਜ ਹੋਏਗਾ ।
ਸਿਰ ਤੇ ਘਰ ਦਾ ਤਾਜ ਹੋਏਗਾ । ਸਿਰ ਤੇ ਘਰ ਦਾ ਤਾਜ ਹੋਏਗਾ

**ਲਿਖਤ ਮਾਵਾਂ ਨੂੰ ਸਮਰਪਿਤ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ, ਡਾਇਰੈਕਟਰ ਸੇਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਫੋਨ ਨੰਬਰ 98554 88 112 ( ਪੱਤਰਕਾਰ ਕੁਲਵੰਤ ਸਿੰਘ ਵਿਰਦੀ )**

# ਭਾਰਤ- ਪਾਕਿਸਤਾਨ ਦਰਮਿਆਨ (ਸਮਝੌਤਾ ਸੀਜ਼ ਫਾਇਰ) ਕਰਵਾਉਣ ਲਈ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਉਪਰਾਲਾ ਸ਼ਲਾਘਾਯੋਗ:- ਬਾਬਾ ਸਤਨਾਮ ਸਿੰਘ ਵੱਲੀਆਂ



**ਫਿਰੋਜ਼ਪੁਰ, 11 ਮਈ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਭਾਰਤ ਵਿੱਚ ਵਾਪਰੇ ਪਹਿਲਗਾਮ ਹਮਲੇ ਦੌਰਾਨ 28 ਨਿਰਦੋਸ਼ ਲੋਕਾਂ ਦੀ ਮੌਤ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਉਧਰੋ ਉਧਰੀ ਮਾਹੌਲ ਬਹੁਤ ਤਨਾਅਪੂਰਨ ਬਣ ਗਿਆ ਸੀ ਜੋ ਕਿ ਇੱਕ ਜੰਗ ਦਾ ਰੂਪ ਧਾਰਨ ਕਰਦਾ ਕਰਦਾ ਮਸਾਂ ਹੀ ਟਲਿਆ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਪੰਜਾਬ ਦੇ ਮੁਖੀ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਨੇ ਕਿਹਾ ਕਿ ਜੋ ਭਾਰਤ ਅਤੇ ਪਾਕਿਸਤਾਨ ਦਰਮਿਆਨ ਜੰਗ ਨੂੰ ਟਾਲਣ ਲਈ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਉਪਰਾਲਾ ਕੀਤਾ ਗਿਆ ਉਸ ਦੀ ਹਰੇਕ ਪਾਸਿਓਂ ਪ੍ਰਸੰਸਾ ਹੋ ਰਹੀ ਹੈ। ਬਾਬਾ ਸਤਨਾਮ ਸਿੰਘ ਜੀ ਨੇ ਕਿਹਾ ਕਿ ਟਰੰਪ ਵੱਲੋਂ ਕਰਵਾਏ ਗਏ ਸਮਝੌਤੇ ਦੇ ਚਲਦਿਆਂ ਸੀਜ਼ ਫਾਇਰ ਦੇ ਐਲਾਨ ਨਾਲ ਸਰਹੱਦ ਦੇ ਨੇੜੇ ਵਸਦੇ ਲੋਕਾਂ ਨੇ ਜਿਥੇ ਸੁਖ ਦਾ ਸਾਹ ਲਿਆ ਉਥੇ ਉਨ੍ਹਾਂ ਪ੍ਰਮਾਤਮਾ ਦਾ ਦਾ ਸ਼ੁਕਰਾਨਾ ਕੀਤਾ ਅਤੇ ਟਰੰਪ ਦਾ ਧੰਨਵਾਦ ਵੀ ਕੀਤਾ। ਬਾਬਾ ਜੀ ਨੇ ਕਿਹਾ ਦੋਵਾਂ ਦੇਸ਼ਾਂ ਵਿਚਾਲੇ ਜੰਗ ਵਰਗੀ ਸਥਿਤੀ ਪੈਦਾ ਹੋਣ ਕਾਰਨ ਆਮ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਸੀ ਅਤੇ ਸਭ ਕੰਮ ਕਾਜ ਠੱਪ ਹੋ ਕੇ ਰਹਿ ਗਏ ਸਨ। ਉਨ੍ਹਾਂ ਕਿਹਾ ਕਿ ਦੋਵਾਂ ਮੁਲਕਾਂ ਨੂੰ ਜੰਗ ਦਾ ਮੈਦਾਨ ਬਣਾਉਣ ਵਾਲੇ ਜੋ ਮਸਲੇ ਹਨ ਉਨ੍ਹਾਂ ਦਾ ਬੈਠ ਕੇ ਪੱਕੇ ਤੌਰ ਤੇ ਹੱਲ ਕਰਨਾ ਚਾਹੀਦਾ ਹੈ ਤਾਂ ਕਿ ਆਉਣ ਵਾਲੇ ਸਮੇਂ ਵਿੱਚ ਦੋਬਾਰਾ ਬੇਗੁਨਾਹ ਲੋਕਾਂ ਦਾ ਕਤਲੇਆਮ ਨਾ ਹੋ ਸਕੇ। ਇਸ ਮੌਕੇ ਬੋਲਦਿਆਂ ਬਾਬਾ ਜੀ ਨੇ ਕਿਹਾ ਕਿ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਉਪਰਾਲੇ ਸਦਕਾ ਭਾਰਤ ਅਤੇ ਪਾਕਿਸਤਾਨ ਵਿਚਕਾਰ ਹੋਏ ਸੀਜ਼ ਫਾਇਰ ਦਾ ਦੇਸ਼ ਦੇ ਹਰੇਕ ਨਾਗਰਿਕ ਨੇ ਦਿਲ ਦੀਆਂ ਗਹਿਰਾਈਆਂ ਤੋਂ ਸੁਆਗਤ ਕੀਤਾ ਹੈ। ਅਖੀਰ ਵਿੱਚ ਬਾਬਾ ਸਤਨਾਮ ਸਿੰਘ ਜੀ ਨੇ ਪਾਕਿਸਤਾਨ ਵੱਲੋਂ ਭਾਰਤ ਵਿਰੁੱਧ ਕੀਤੀਆਂ ਕਾਰਵਾਈਆਂ ਦਾ ਮੂੰਹਤੋੜ ਜਵਾਬ ਦੇਣ ਲਈ ਭਾਰਤੀ ਫੌਜਾਂ ਅਤੇ ਸਿਵਲ ਪ੍ਰਸ਼ਾਸਨ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਦੋਵਾਂ ਦੇਸ਼ਾਂ ਦੇ ਰਾਜਨੀਤਕ ਆਗੂਆਂ ਨੂੰ ਗੰਦੀ ਸਿਆਸਤ ਤੋਂ ਗ਼ੁਰੇਜ਼ ਕਰਨ ਲਈ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਮਦਮੀ ਟਕਸਾਲ ਵੱਲੋਂ ਸ਼ਹੀਦਾਂ ਸਿੰਘਾ ਦੀ ਯਾਦ ਵਿੱਚ

# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ ਸਜਾਏ ਸ਼ਹੀਦੀ ਦੀਵਾਨ

**ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ**










**ਚੌਕ ਮਹਿਤਾ, 11ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਦੇ ਮੁੱਖੀ ਸੰਤ ਬਾਬਾ ਸੱਜਣ ਸਿੰਘ ਦੀ ਅਗਵਾਈ ਹੇਠ ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਜੂਨ '84 ਦੇ ਤੀਸਰਾ ਘੱਲੂਘਾਰਾ ਦੌਰਾਨ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਤੇ ਭੁਚੰਗੀਆਂ ਦੀ ਯਾਦ ਨੂੰ ਸਮਰਪਿਤ ਵੱਖ ਵੱਖ ਨਗਰਾਂ ਵਿਚ ਕਥਾ-ਕੀਰਤਨ ਸਮਾਗਮ ਕੀਤੇ ਜਾ ਰਹੇ ਹਨ।

ਜਿਸ ਦੇ ਚਲਦਿਆਂ ਅੱਜ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਵਿਖੇ ਸ਼ਾਮ ਵੇਲੇ ਦਾ ਧਾਰਮਿਕ ਦੀਵਾਨ ਸਜਾਇਆ ਗਿਆ। ਜਿਸ ਵਿਚ ਦਮਦਮੀ ਟਕਸਾਲ ਦੇ ਹਜੂਰੀ ਰਾਗੀ ਭਾਈ ਗੁਰਲਾਲ ਸਿੰਘ ਦੇ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ। ਉਪਰੰਤ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਨੇ ਵੱਡੀ ਗਿਣਤੀ ਵਿਚ ਜੁੜ ਬੈਠੀਆ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਅੱਜ ਸਾਹਿਬ ਸ੍ਰੀ ਗੁਰੂ ਅਮਰਦਾਸ ਸਾਹਿਬ ਜੀ ਅਵਤਾਰ ਦਿਹਾੜੇ ਬਾਰੇ ਚਾਨਣਾ ਪਾਇਆ ਗਿਆ ।ਉਪਰੰਤ ਸੂਰਜ ਪਰਕਾਸ਼ ਗਰੰਥ ਸਾਹਿਬ ਵਿੱਚੋਂ ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਇਤਹਾਸ ਸਰਵਨ ਕਰਾਇਆ ਗਿਆ।

ਉਨਾਂ ਆਖਿਆ ਕਿ ਸੰਗਤ ਨੂੰ ਸ਼ਬਦ ਗੁਰੂ ਨਾਲ ਜੋੜਨਾ ਕੀਤਾ। ਦੀਵਾਨ ਦੀ ਸਮਾਪਤੀ ਮੌਕੇ ਪ੍ਰਬੰਧਕਾਂ ਦੇ ਵੱਲੋਂ ਵਿਸ਼ੇਸ਼ ਰੂਪ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਗਿਆਨੀ ਖਾਲਸਾ ਨੇ ਸੰਗਤ ਨੂੰ ਖਾਸ ਕਰਕੇ ਨੌਜਵਾਨਾਂ ਨੂੰ ਦਾੜ੍ਹੀ ਕੇਸ ਰੱਖਣ, ਅੰਮ੍ਰਿਤ ਛੱਕਣ ਤੇ ਸਿੰਘ ਸੱਜਣ ਲਈ ਪ੍ਰੇਰਿਤ ਕੀਤਾ।

ਜਿਕਰਯੋਗ ਹੈ ਕਿ ਹਰ ਸਾਲ ਦੀ ਤਰਾਂ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਯੋਗ ਅਗਵਾਈ ਵਿਚ ਜੂਨ 1984 ਦਾ ਤੀਸਰੇ ਘੱਲੂਘਾਰੇ ਦੇ ਸ਼ਹੀਦਾਂ ਦੀ ਮਿੱਠੀ ਯਾਦ ਨੂੰ ਸਮਰਪਿਤ 41ਵਾਂ ਮਹਾਨ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜਿਸ ਤਹਿਤ 1 ਮਈ ਤੋਂ 31 ਮਈ ਤਕ ਰੋਜਾਨਾ ਵੱਖ ਵੱਖ ਨਗਰਾਂ ਵਿਚ ਸ਼ਹੀਦੀ ਦੀਵਾਨ ਸਜਾਏ ਜਾ ਰਹੇ ਹਨ। ਇਸ ਸਮੇਂ ਮੰਚ ਸੰਚਾਲਨ ਦੀ ਸੇਵਾ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਵੱਲੋਂ ਨਿਭਾਈ ਗਈ।

ਇਸ ਦੌਰਾਨ ਬਹੁਤ ਗਿਣਤੀ ਵਿੱਚ ਸੰਗਤਾਂ ਨੇ ਹਾਜਰੀਆ ਭਰੀਆਂ, ਇਸ ਮੌਕੇ ਤੇ ਭਾਈ ਹਰਸ਼ਦੀਪ ਸਿੰਘ ਰੰਧਾਵਾ, ਡਾ. ਅਵਤਾਰ ਸਿੰਘ ਬੁੱਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਜਥੇਦਾਰ ਬਾਬਾ ਬੋਹੜ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ,ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਮੁੱਖ ਬੁਲਾਰਾ, ਸੰਤ ਬਾਬਾ ਕਵਲਜੀਤ ਸਿੰਘ ਨਾਗੀਆਨਾ ਸਾਹਿਬ,ਸੰਤ ਬਾਬਾ ਮਲਕੀਅਤ ਸਿੰਘ ਜੱਬੋਵਾਲ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲਾ, ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕਾ,ਸਰਪੰਚ ਕਸ਼ਮੀਰ ਸਿੰਘ ਕਾਲ਼ਾ, ਸਰਪੰਚ ਹਰਜਿੰਦਰ ਸਿੰਘ ਜੱਜ ਗੁਰਦੇਵ ਸਿੰਘ ਯੂ ਐਸ ਏ,ਰਣਜੀਤ ਸਿੰਘ ਬਾਠ ਬਾਬੋਵਾਲ, ਬਾਬਾ ਰਾਜਾ, ਇਕਬਾਲ ਸਿੰਘ ਸਾਹ, ਅਮਰਜੀਤ ਸਿੰਘ ਤਾਹਰਪੁਰ,ਮਨਜੀਤ ਸਿੰਘ ਮੰਡ, ਅਵਤਾਰ ਸਿੰਘ ਤਾਹਰਪੁਰ,ਸਰਬਜੀਤ ਸਿੰਘ ਸਾਬਕਾ ਸਰਪੰਚ,ਮੁੱਖਤਾਰਸਿੰਘ ਤਾਹਰਪੁਰ ਹੈਡ ਗਰੰਥੀ ਗੁਰਦੀਪ ਸਿੰਘ,ਭਾਈ ਜੋਬਨਜੀਤ ਸਿੰਘ,,ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ। ••

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁਰਦੁਆਰਾ ਬਾਬਾ ਸੰਗ ਜੀ, ਹਾਈ ਸਟਰੀਟ ਸਮੈਥਿਕ ਬਰਮਿੰਘਮ, ਇੰਗਲੈਂਡ ਦੀ ਚੁਣੀ ਗਈ ਨਵੀਂ ਕਮੇਟੀ

## ਪ੍ਰਧਾਨ ਗੁਰਨਾਮ ਸਿੰਘ ਢੰਡਾ ਤੇ ਸਮੂਹ ਅਹੁਦੇਦਾਰਾਂ ਨੂੰ ਲੱਖ-ਲੱਖ ਵਧਾਈਆਂ



**ਗੁਰਦੁਆਰਾ ਬਾਬਾ ਸੰਗ ਜੀ, ਹਾਈ ਸਟਰੀਟ ਸਮੈਥਿਕ ਬਰਮਿੰਘਮ, ਇੰਗਲੈਂਡ ਦੀ ਚੁਣੀ ਗਈ ਨਵੀਂ ਕਮੇਟੀ ਨੂੰ**

## ਲੱਖ-ਲੱਖ ਵਧਾਈਆਂ

**ਗੁਰਦੁਆਰਾ ਬਾਬਾ ਸੰਗ ਜੀ, ਹਾਈ ਸਟਰੀਟ ਸਮੈਥਿਕ ਬਰਮਿੰਘਮ, ਇੰਗਲੈਂਡ ਦੀ ਨਵੀਂ ਕਮੇਟੀ ਚੁਣੀ ਗਈ ਹੈ, ਜਿਨ੍ਹਾਂ ਦੀਆਂ ਸੇਵਾਵਾਂ ਹੇਠ ਲਿਖੇ ਅਨੁਸਾਰ ਹਨ**

- ਗੁਰਨਾਮ ਸਿੰਘ ਢੰਡਾ - ਪ੍ਰਧਾਨ
- ਸੇਵਾ ਸਿੰਘ -ਮੀਤ ਪ੍ਰਧਾਨ
- ਗਿਆਨੀ ਬਘੇਲ ਸਿੰਘ - ਜਰਨਲ ਸਕੱਤਰ
- ਰਮੇਸ਼ਪਾਲ ਸਿੰਘ - ਮੀਤ ਜਰਨਲ ਸਕੱਤਰ
- ਉਕਾਰ ਸਿੰਘ - ਸਟੇਜ ਸਕੱਤਰ
- ਨਿਰਮਲ ਸਿੰਘ - ਮੀਤ ਸਟੇਜ ਸਕੱਤਰ
- ਅਮਰੀਕ ਸਿੰਘ ਢੇਸੀ - ਖਜਾਨਚੀ
- ਮੋਹਣ ਸਿੰਘ - ਮੀਤ ਖਜ਼ਾਨਚੀ
- ਜੀਤ ਸਿੰਘ - ਲੰਗਰ ਸੇਵਾ
- ਸੁੱਚਾ ਸਿੰਘ - ਖੇਡਾਂ ਅਤੇ ਸਿਹਤ
- ਅਮਨਦੀਪ ਸਿੰਘ ਢੇਸੀ - ਮੁਰੰਮਤ ਅਤੇ ਬਿਲਡਿੰਗ ਸੰਭਾਲ
- ਸਿਮਰਨਪਾਲ ਕੌਰ - ਮੈਂਬਰ
- ਸੀਮਾਂ ਕੌਰ - ਮੈਂਬਰ






**ਪ੍ਰਧਾਨ ਗੁਰਨਾਮ ਸਿੰਘ ਢੰਡਾ ਤੇ ਸਮੂਹ ਅਹੁਦੇਦਾਰਾਂ ਨੇ ਭਰੋਸਾ ਦਿਵਾਇਆ ਕਿ ਸਿੱਖੀ ਪ੍ਰਚਾਰ ਦੇ ਨਾਲ-ਨਾਲ ਸਿੱਖ ਕੌਮ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਅਤੇ ਉਨ੍ਹਾਂ ਦੇ ਹੱਲ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਨੌਜਵਾਨਾਂ ਨੂੰ ਵੱਧ ਤੋਂ ਵੱਧ ਸਿੱਖੀ ਨਾਲ ਜੋੜਨ ਲਈ ਯਤਨ ਕੀਤੇ ਜਾਣਗੇ।**